SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 23 | Thursday, February 01, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## 2024 ਵਿੱਚ ਟੋਰਾਂਟੋ ਪ੍ਰਾਪਰਟੀ ਟੈਕਸ ਵਾਧੇ ਨੂੰ 9.5 ਫੀ ਸਦੀ ਹੀ ਰੱਖਿਆ ਜਾਵੇਗਾ



ਟੋਰਾਂਟੋ, 31 ਜਨਵਰੀ (ਪੋਸਟ ਬਿਊਰੋ) : 2024 ਵਿੱਚ ਟੋਰਾਂਟੋ ਵਾਸੀਆਂ:ਨੂੰ ਡਬਲ ਡਿਜਿਟ ਪ੍ਰਾਪਰਟੀ ਟੈਕਸ ਵਿੱਚ ਵਾਧੇ ਦਾ ਸਾਹਮਣਾ ਨਹੀਂ ਕਰਨਾ ਹੋਵੇਗਾ।

ਪ੍ਰਾਪਤ ਜਾਣਕਾਰੀ ਅਨੁਸਾਰ ਮੇਅਰ ਓਲੀਵੀਆ ਚਾਓ ਵੀਰਵਾਰ ਨੂੰ ਫਾਈਨਲ ਬਜਟ ਪੇਸ਼ ਕਰੇਗੀ। ਇਸ ਵਿੱਚ ਸਿਟੀ ਸਟਾਫ ਵੱਲੋਂ ਪਹਿਲਾਂ ਸਿਫਾਰਸ਼ ਕੀਤੇ ਗਏ 10.5 ਫੀ ਸਦੀ ਪ੍ਰਾਪਰਟੀ ਟੈਕਸ ਨੂੰ 9.5 ਫੀ ਸਦੀ ਰੱਖਣ ਦਾ ਹੀ ਫੈਸਲਾ ਕੀਤਾ ਗਿਆ ਹੈ। ਜੇ ਇਹ ਮਤਾ ਪਾਸ ਹੋ ਜਾਂਦਾ ਹੈ ਤਾਂ ਟੋਰਾਂਟੋ ਦੇ ਔਸਤ ਹੋਮਓਨਰ ਨੂੰ ਇਸ ਸਾਲ ਅੰਦਾਜ਼ਨ 372 ਡਾਲਰ ਵੱਧ ਪ੍ਰਾਪਰਟੀ ਟੈਕਸ ਦੇਣਾ ਹੋਵੇਗਾ।

ਇਸ ਦੇ ਬਾਵਜੂਦ ਸਿਟੀ ਨੂੰ ਆਮਦਨ ਵਿੱਚ 42 ਮਿਲੀਅਨ ਡਾਲਰ ਦਾ ਘਾਟਾ ਬਰਦਾਸ਼ਤ ਕਰਨਾ ਪਵੇਗਾ। ਅਜੇ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਇਸ ਘਾਟੇ ਨੂੰ ਪੂਰਾ ਕਰਨ ਲਈ ਕੀ ਸਿਟੀ ਵੱਲੋਂ ਹੋਰ ਕਟੌਤੀਆਂ ਵੀ ਕੀਤੀਆਂ ਜਾਣਗੀਆਂ। ਇਸ ਸਮੇਂ ਸਿਟੀ ਨੂੰ ਬਜਟ ਵਿੱਚ 1.8 ਬਿਲੀਅਨ ਡਾਲਰ ਦਾ ਘਾਟਾ ਸਹਿਣਾ ਪੈ ਰਿਹਾ ਹੈ। ਮੇਅਰ ਚਾਓ ਨੇ ਟੋਰਾਂਟੋ ਪੁਲਿਸ ਬਜਟ ਵਿੱਚ ਕਟੌਤੀ ਕਰਨ ਦਾ ਵੀ ਸੰਕੇਤ ਦਿੱਤਾ ਹੈ। ਪੁਲਿਸ ਬਜਟ ਲਈ ਪ੍ਰਸਤਾਵਿਤ 1.186 ਬਿਲੀਅਨ ਡਾਲਰ ਦੇ ਬਜਟ ਵਿੱਚੋਂ ਮੇਅਰ 12 ਮਿਲੀਅਨ ਡਾਲਰ ਦੀ ਕਟੌਤੀ ਕਰਨਾ ਚਾਹੁੰਦੀ ਹੈ। ਪਰ ਪੁਲਿਸ ਚੀਫ ਮਾਇਰਨ ਡੈਮਕਿਊ ਦਾ ਕਹਿਣਾ ਹੈ ਕਿ ਇਸ ਨਾਲ ਪਬਲਿਕ ਸੇਫਟੀ ਨੂੰ ਖਤਰਾ ਖੜ੍ਹਾ ਹੋ ਸਕਦਾ ਹੈ।

ਉਦਯੋਗਿਕ ਇਮਾਰਤ | ਵਿਕਰੀ ਲਈ
CBRE
1 ਵੈਨ ਡੇਰ ਗ੍ਰਾਫ ਕੋਰਟ
ਬਰੈਂਪਟਨ, ਓ.ਐਨ
102,205 ਵਰਗ ਫੁੱਟ ਤੁਰੰਤ ਉਪਲਬਧ ਹੈ
ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਸੰਪਰਕ ਕਰੋ:
Fraser McKenna* fraser.mckenna@cbre.com
Joseph Cattana* joseph.cattana@cbre.com
Ted Peters* ted.peters@cbre.com

## ਪਨਾਹ ਹਾਸਿਲ ਕਰਨ ਵਾਲਿਆਂ ਲਈ ਫੈਡਰਲ ਸਰਕਾਰ ਦੇਵੇਗੀ 362 ਮਿਲੀਅਨ ਡਾਲਰ : ਮਿਲਰ



ਓਨਟਾਰੀਓ, 31 ਜਨਵਰੀ (ਪੋਸਟ ਬਿਊਰੋ) : ਆਰਜ਼ੀ ਪਨਾਹ ਹਾਸਲ ਕਰਨ ਵਾਲਿਆਂ ਲਈ ਘਰਾਂ ਦਾ ਇੰਤਜ਼ਾਮ ਕਰਨ ਵਾਸਤੇ ਪ੍ਰੋਵਿੰਸਾਂ ਤੇ ਸਿਟੀਜ਼ ਦੀ ਮਦਦ ਕਰਨ ਲਈ ਫੈਡਰਲ ਸਰਕਾਰ ਵੱਲੋਂ 362 ਮਿਲੀਅਨ ਡਾਲਰ ਵਾਧੂ ਖਰਚੇ ਜਾ ਰਹੇ ਹਨ। ਪਰ ਓਨਟਾਰੀਓ ਦਾ ਕਹਿਣਾ ਹੈ ਕਿ ਐਨੀ ਘੱਟ ਮਾਲੀ ਇਮਦਾਦ ਨਾਲ ਗੱਲ ਨਹੀਂ ਬਣਨ ਵਾਲੀ।

ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਬੁੱਧਵਾਰ ਨੂੰ ਇਸ ਮਦਦ ਦਾ ਐਲਾਨ ਕੀਤਾ। ਉਨ੍ਹਾਂ ਆਖਿਆ ਕਿ ਕੈਨੇਡਾ ਭਰ ਵਿੱਚ ਪਨਾਹ ਹਾਸਲ ਕਰਨ ਵਾਲਿਆਂ ਦੀ ਗਿਣਤੀ ਵੱਧ ਜਾਣ ਕਾਰਨ ਫੈਡਰਲ ਸਰਕਾਰ ਨੂੰ ਇਹ ਫੈਸਲਾ ਕਰਨਾ ਪਿਆ। ਉਨ੍ਹਾਂ ਇਹ ਵੀ ਆਖਿਆ ਕਿ ਇਸ ਪਾਸੇ ਅਜੇ ਹੋਰ ਬਹੁਤ ਕੁੱਝ ਕੀਤਾ ਜਾਣਾ ਬਾਕੀ ਹੈ। ਉਨ੍ਹਾਂ ਆਖਿਆ ਕਿ ਇਹ ਪ੍ਰੋਗਰਾਮ ਇਸ ਲਈ ਵੀ ਜ਼ਰੂਰੀ ਹੈ ਕਿਉਂਕਿ ਇਸ ਨਾਲ ਐਨੇ ਘੱਟ ਤਾਪਮਾਨ ਵਿੱਚ ਲੋਕਾਂ ਨੂੰ ਆਪਣੇ ਸਿਰਾਂ ਉੱਤੇ ਛਤ ਮਿਲ ਸਕੇਗੀ।

ਉਨ੍ਹਾਂ ਇਹ ਵੀ ਆਖਿਆ ਕਿ ਇਸ ਲਈ ਸੁਧਾਰਾਂ ਦੀ ਵੀ ਲੋੜ ਹੈ ਤੇ ਆਉਣ ਵਾਲੇ ਮਹੀਨਿਆਂ ਵਿੱਚ ਇਸ ਪਾਸੇ ਕੰਮ ਕਰਨਾ ਵੀ ਜ਼ਰੂਰੀ ਹੋਵੇਗਾ। ਮਿਲਰ ਨੇ ਆਖਿਆ ਕਿ ਪਨਾਹ ਹਾਸਲ ਕਰਨ ਦੇ ਤਲਬਗਾਰਾਂ ਲਈ ਹਾਊਸਿੰਗ ਤੇ ਮਦਦ ਦਾ ਪ੍ਰਬੰਧ ਕਰਨਾ ਪ੍ਰੋਵਿੰਸ਼ੀਅਲ ਤੇ ਮਿਊਂਸੀਪਲ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਪਰ ਫੈਡਰਲ ਸਰਕਾਰ ਵੱਲੋਂ ਸਮੇਂ ਸਮੇਂ ਉੱਤੇ ਅਜਿਹੀ ਆਰਥਿਕ ਮਦਦ ਨਾਲ ਸਰਕਾਰਾਂ ਦਾ ਬੋਝ ਘਟਾਇਆ ਜਾਂਦਾ ਰਿਹਾ ਹੈ।

## ਡੰਪ ਟਰੱਕ ਵਿੱਚੋਂ ਮਲਬਾ ਡਿੱਗਣ ਕਾਰਨ ਕਈ ਗੱਡੀਆਂ ਨੂੰ ਪਹੁੰਚਿਆ ਨੁਕਸਾਨ



ਇਟੋਬੀਕੋ, 31 ਜਨਵਰੀ (ਪੋਸਟ ਬਿਊਰੋ) : ਇਟੋਬੀਕੋ ਵਿੱਚ ਗਾਰਡੀਨਰ ਐਕਸਪ੍ਰੈੱਸਵੇਅ ਉੱਤੇ ਮਲਬਾ ਸੁੱਟਣ ਵਾਲੇ ਡੰਪ ਟਰੱਕ ਦੀ ਪੁਲਿਸ ਭਾਲ ਕਰ ਰਹੀ ਹੈ। ਇਸ ਟਰੱਕ ਵਿੱਚੋਂ ਥੋੜ੍ਹੀ ਥੋੜ੍ਹੀ ਦੇਰ ਬਾਅਦ ਡਿੱਗਣ ਵਾਲੇ ਮਲਬੇ ਕਾਰਨ ਕਈ ਗੱਡੀਆਂ ਨੂੰ ਨੁਕਸਾਨ ਪਹੁੰਚਿਆ ਤੇ ਆਵਾਜਾਈ ਵੀ ਪ੍ਰਭਾਵਿਤ ਹੋਈ।

ਇਸ ਟਰੱਕ ਵਿੱਚੋਂ ਸਵੇਰੇ 6:30 ਵਜੇ ਦੇ ਨੇੜੇ ਤੇੜੇ ਪਾਰਕ ਲਾਅਨ ਰੋਡ ਤੇ ਇਸਲਿੰਗਟਨ ਐਵਨਿਊ ਦਰਮਿਆਨ ਗਾਰਡੀਨਰ ਦੇ ਪੱਛਮ ਵੱਲ ਮਲਬਾ ਡਿੱਗਿਆ। ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਸ ਕਾਰਨ ਹਾਈਵੇਅ ਉੱਤੇ ਕੌਂਕਰੀਟ ਦੇ ਵੱਡੇ ਵੱਡੇ ਟੁਕੜੇ ਡਿੱਗਣ ਕਾਰਨ ਚਾਰ ਗੱਡੀਆਂ ਨੂੰ ਨੁਕਸਾਨ ਪਹੁੰਚਿਆ। ਇਸ ਘਟਨਾ ਵਿੱਚ ਕੋਈ ਵਿਅਕਤੀ ਜ਼ਖ਼ਮੀ ਨਹੀਂ ਹੋਇਆ। ਪਾਰਕ ਲਾਅਨ ਵਿਖੇ ਤਿੰਨ ਸੱਜੀਆਂ ਲੇਨਜ਼ ਵੀ ਬਲਾਕ ਹੋ ਗਈਆਂ।

ਪ੍ਰਾਪਤ ਜਾਣਕਾਰੀ ਅਨੁਸਾਰ ਕਈ ਗੱਡੀਆਂ ਨੂੰ ਇਸ ਡਿੱਗ ਰਹੇ ਮਲਬੇ ਕਾਰਨ ਹਾਈਵੇਅ ਦੇ ਇੱਕ ਪਾਸੇ ਰੁਕਣਾ ਪਿਆ। ਪਾਰਕ ਲਾਅਨ ਤੇ ਇਸਲਿੰਗਟਨ ਦਰਮਿਆਨ ਹੋਰਨਾਂ ਗੱਡੀਆਂ ਨੂੰ ਨੁਕਸਾਨ ਤੋਂ ਬਚਾਉਣ ਲਈ ਕ੍ਰਿਊ ਵੀ ਮੌਕੇ ਉੱਤੇ ਪਹੁੰਚ ਗਿਆ। ਇਸ ਡੰਪ ਟਰੱਕ ਨੂੰ ਆਖਰੀ ਵਾਰੀ ਹਾਈਵੇਅ 427 ਦੇ ਉੱਤਰ ਵੱਲ ਜਾਂਦਿਆਂ ਵੇਖਿਆ ਗਿਆ।

## ਘਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੇ 4 ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ



ਟੋਰਾਂਟੋ, 31 ਜਨਵਰੀ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਸਿਟੀ ਦੇ ਪੂਰਬੀ ਸਿਰੇ ਉੱਤੇ ਇੱਕ ਘਰ ਵਿੱਚ ਚੋਰੀ ਕਰਨ ਦੇ ਇਰਾਦੇ ਨਾਲ ਦਾਖਲ ਹੋਏ ਚਾਰ ਮਸ਼ਕੂਕਾਂ ਦੀ ਟੋਰਾਂਟੋ ਪੁਲਿਸ ਭਾਲ ਕਰ ਰਹੀ ਹੈ।

ਪੁਲਿਸ ਅਧਿਕਾਰੀਆਂ ਨੂੰ ਚੋਰੀ ਦੇ ਇਰਾਦੇ ਨਾਲ ਕੁੱਝ ਵਿਅਕਤੀਆਂ ਵੱਲੋਂ ਕਿਸੇ ਦੇ ਘਰ ਵਿੱਚ ਦਾਖਲ ਹੋਣ ਦੀ ਖਬਰ ਦੇ ਕੇ ਸਵੇਰੇ 3:55 ਉੱਤੇ ਕੁਈਨ ਸਟਰੀਟ ਈਸਟ ਤੇ ਵਿਕਟੋਰੀਆ ਪਾਰਕ ਐਵਨਿਊ ਇਲਾਕੇ ਵਿੱਚ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਚਾਰ ਵਿਅਕਤੀ ਇੱਕ ਘਰ ਵਿੱਚ ਦਾਖਲ ਹੋਣ ਦੀ ਵਾਰੀ ਵਾਰੀ ਕੋਸ਼ਿਸ਼ ਕਰਨ ਦੇ ਬਾਵਜੂਦ ਅਸਫਲ ਰਹਿਣ ਤੋਂ ਬਾਅਦ ਕਾਲੇ ਰੰਗ ਦੀ ਗੱਡੀ ਵਿੱਚ ਸਵਾਰ ਹੋ ਕੇ ਉੱਥੋਂ ਫਰਾਰ ਹੋ ਗਏ।

ਮਸ਼ਕੂਕਾਂ ਦੀ ਗੱਡੀ ਨੂੰ ਆਖਰੀ ਵਾਰੀ ਕੁਈਨ ਉੱਤੇ ਪੂਰਬ ਵੱਲ ਜਾਂਦਿਆਂ ਵੇਖਿਆ ਗਿਆ। ਜਾਂਚਕਾਰਾਂ ਵੱਲੋਂ ਚਾਰ ਪੁਰਸ਼ਾਂ ਦੀਆਂ ਤਸਵੀਰਾਂ ਤੇ ਵੇਰਵੇ ਜਾਰੀ ਕੀਤੇ ਗਏ ਹਨ।

## ਹਿੰਸਕ ਜੁਰਮ ਤੇ ਗੱਡੀਆਂ ਚੋਰੀ ਕਰਨ ਵਾਲਿਆਂ ਖ਼ਿਲਾਫ ਸਖ਼ਤ ਕਾਰਵਾਈ ਕਰਨ ਦਾ ਫੋਰਡ ਨੇ ਪ੍ਰਗਟਾਇਆ ਤਹੱਈਆ



ਓਨਟਾਰੀਓ, 31 ਜਨਵਰੀ (ਪੋਸਟ ਬਿਊਰੋ) : ਓਨਟਾਰੀਓ ਪ੍ਰੀਮੀਅਰ ਡੱਗ ਫੋਰਡ ਨੇ ਹਿੰਸਕ ਜੁਰਮ ਤੇ ਗੱਡੀਆਂ ਚੋਰੀ ਕਰਨ ਵਾਲਿਆਂ ਖ਼ਿਲਾਫ ਸਖ਼ਤ ਕਾਰਵਾਈ ਕਰਨ ਦਾ ਤਹੱਈਆ ਪ੍ਰਗਟਾਇਆ। ਉਨ੍ਹਾਂ ਵਾਅਦਾ ਕੀਤਾ ਕਿ ਅਜਿਹੇ ਜੁਰਮਾਂ ਨੂੰ ਅੰਜਾਮ ਦੇਣ ਵਾਲਿਆਂ ਨੂੰ ਵੱਧ ਤੋਂ ਵੱਧ ਸਮਾਂ ਕੈਦ ਕਰਕੇ ਰੱਖਿਆ ਜਾਵੇਗਾ।

ਬੁੱਧਵਾਰ ਨੂੰ ਅਰੋਰਾ, ਓਨਟਾਰੀਓ ਵਿੱਚ ਨਿਊਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਫੋਰਡ ਨੇ ਕੈਨੇਡਾ ਦੇ ਜ਼ਮਾਨਤ ਸਬੰਧੀ ਨਵੇਂ ਸੁਧਾਰਾਂ ਦਾ ਜ਼ਿਕਰ ਕਰਦਿਆਂ ਮੁਜਰਮਾਨਾਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਚੇਤਾਵਨੀ ਦਿੱਤੀ। ਉਨ੍ਹਾਂ ਆਖਿਆ ਕਿ ਅਜਿਹੇ ਮੁਜਰਮਾਂ ਨੂੰ ਪੁਲਿਸ ਤੇ ਸਰਕਾਰ ਛੱਡੇਗੀ ਨਹੀਂ। ਇਸ ਨਿਊਜ਼ ਕਾਨਫਰੰਸ ਵਿੱਚ ਪ੍ਰੀਮੀਅਰ ਫੋਰਡ ਦੇ ਨਾਲ ਕੈਨੇਡਾ ਦੇ ਪਬਲਿਕ ਸੇਫਟੀ ਮੰਤਰੀ ਡੌਮੀਨਿਕ ਲੀਬਲੈਂਕ ਵੀ ਮੌਜੂਦ ਸਨ। ਇਸ ਦੌਰਾਨ ਲੀਬਲੈਂਕ ਨੇ ਓਨਟਾਰੀਓ ਵਿੱਚ ਗੰਨ ਤੇ ਗੈਂਗ ਹਿੰਸਾ ਨੂੰ ਰੋਕਣ ਲਈ ਫੈਡਰਲ ਸਰਕਾਰ ਵੱਲੋਂ ਕੀਤੇ ਜਾਣ ਵਾਲੇ 121 ਮਿਲੀਅਨ ਡਾਲਰ ਦੇ ਨਿਵੇਸ਼ ਦਾ ਐਲਾਨ ਵੀ ਕੀਤਾ।

ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਕਿ ਇਹ ਰਕਮ ਖਰਚੀ ਕਿੱਥੇ ਜਾਵੇਗੀ ਪਰ ਅਧਿਕਾਰੀਆਂ ਨੇ ਦੱਸਿਆ ਕਿ ਇਸ ਨਾਲ ਗੱਡੀਆਂ ਦੀਆਂ ਚੋਰੀਆਂ ਕਰਨ ਵਰਗੇ ਜੁਰਮਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਹ ਰਕਮ ਟਰੂਡੋ ਸਰਕਾਰ ਵੱਲੋਂ ਦੇਸ਼ ਭਰ ਵਿੱਚ ਗੈਂਗ ਤੇ ਗੰਨ ਹਿੰਸਾਂ ਵਰਗੇ ਜੁਰਮ ਨੂੰ ਘਟਾਉਣ ਲਈ ਜਾਰੀ ਕੀਤੇ ਗਏ 390 ਮਿਲੀਅਨ ਡਾਲਰ ਦਾ ਹਿੱਸਾ ਹੈ। ਇਸ ਦੌਰਾਨ ਕੈਨੇਡਾ ਦੇ ਅਟਾਰਨੀ ਜਨਰਲ ਨੇ ਆਖਿਆ ਕਿ ਉਹ ਕ੍ਰਿਮੀਨਲ ਕੋਡ ਦਾ ਮੁਲਾਂਕਣ ਕਰਨ ਲਈ ਤਿਆਰ ਹਨ ਤੇ ਜੇ ਸਖ਼ਤ ਸਜ਼ਾਵਾਂ ਦੇਣ ਦੀ ਲੋੜ ਪੈਂਦੀ ਹੈ ਤਾਂ ਉਹ ਅਜਿਹਾ ਜ਼ਰੂਰ ਕਰਨਗੇ।

MagGas Medical Brampton
MGM MAGGAS MEDICAL INC.
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ਼
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

HELPING YOU PLAN TODAY...FOR TOMORROW
Super Visa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Business Law
Wills & Estates
Family Law
Power of Attorney
Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਈ ਡੀ ਪਾਇਆ ਈ ਧਮਕੜੇ ਆਗੂਆਂ ਨੂੰ,
ਚੁਣ-ਚੁਣ ਰਹੀ ਸ਼ਿਕਾਰ ਉਹ ਘੇਰ ਬੇਲੀ।
ਸੰਮਣ ਭੇਜਦੀ, ਜਿਹੜਾ ਨਹੀਂ ਪੇਸ਼ ਹੁੰਦਾ,
ਮੁੜ-ਮੁੜ ਭੇਜਦੀ ਸੰਮਣ ਆ ਫੇਰ ਬੇਲੀ।
ਜਦ ਵੀ ਜਾਪਦਾ ਉਨ੍ਹਾਂ ਕੁਝ ਖਾਸ ਕਰਨਾ,
ਅਗਲੇ ਸੰਮਣ ਦੀ ਲਾਏ ਨਹੀਂ ਦੇਰ ਬੇਲੀ।
ਏਜੰਸੀ ਦਿੱਸਦੀ ਕਦੀ ਨਿਰਪੱਖ ਨਹੀਂ ਜੀ,
ਲੁਕਾਇਆਂ ਲੁਕੇ ਨਾ ਤੇਰ ਜਾਂ ਮੇਰ ਬੇਲੀ।
ਰੰਗ ਦੀ ਬੇਗੀ ਆ ਚੋਣ ਵਿੱਚ ਬਣੀ ਈ ਡੀ,
ਇਹੀ ਕੁਝ ਆਖ ਰਹੇ ਦੇਸ਼ ਦੇ ਲੋਕ ਬੇਲੀ।
ਠੀਕ ਜਾਂ ਗਲਤ ਦਾ ਪਤਾ ਹੈ ਅਫਸਰਾਂ ਨੂੰ,
ਬਣ ਰਹੇ ਰੋਜ਼ ਹਨ ਈ ਡੀ ਦੇ ਜੋਕ ਬੇਲੀ।

**ਤੀਸ ਮਾਰ ਖਾਂ**

# ਪਾਕਿਸਤਾਨ 'ਚ ਚੋਣਾਂ ਤੋਂ ਪਹਿਲਾਂ ਇਮਰਾਨ ਖਾਨ ਨੂੰ ਪਤਨੀ ਸਮੇਤ 14 ਸਾਲ ਦੀ ਸਜ਼ਾ

ਰਾਵਲਪਿੰਡੀ, 31 ਜਨਵਰੀ (ਪੋਸਟ ਬਿਊਰੋ): ਪਾਕਿਸਤਾਨ ਵਿੱਚ 8 ਫਰਵਰੀ ਨੂੰ ਚੋਣਾਂ ਹਨ। ਇਸ ਚੋਣ ਤੋਂ ਕੁਝ ਦਿਨ ਪਹਿਲਾਂ ਹੀ ਇਮਰਾਨ ਖਾਨ ਨੂੰ ਇਕ ਵਾਰ ਫਿਰ ਸਜ਼ਾ ਸੁਣਾਈ ਗਈ ਹੈ। 'ਸਿਫਰ' ਕੇਸ 'ਚ 10 ਸਾਲ ਦੀ ਸਜ਼ਾ ਸੁਣਾਏ ਜਾਣ ਤੋਂ ਬਾਅਦ ਹੁਣ ਉਸ ਨੂੰ 14 ਸਾਲ ਦੀ ਸਜ਼ਾ ਸੁਣਾਈ ਗਈ ਹੈ ਅਤੇ ਦੋਵਾਂ ਨੂੰ 78-78 ਕਰੋੜ ਦਾ ਜੁਰਮਾਨਾ ਵੀ ਲਗਾਇਆ ਗਿਆ ਹੈ। 14 ਸਾਲ ਦੀ ਇਹ ਸਖ਼ਤ ਸਜ਼ਾ ਇਮਰਾਨ ਖਾਨ ਸਮੇਤ ਉਨ੍ਹਾਂ ਦੀ ਪਤਨੀ ਨੂੰ ਦਿੱਤੀ ਗਈ ਹੈ। ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੀ ਪਤਨੀ ਬੁਸ਼ਰਾ ਬੀਬੀ ਨੂੰ ਰਾਵਲਪਿੰਡੀ ਦੀ ਵਿਸ਼ੇਸ਼ ਅਦਾਲਤ ਨੇ 14 ਸਾਲ ਦੀ



**78-78 ਕਰੋੜ ਦਾ ਜੁਰਮਾਨਾ**

ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਤੋਸ਼ਾਖਾਨਾ ਮਾਮਲੇ ਵਿੱਚ ਉਨ੍ਹਾਂ ਨੂੰ 14 ਸਾਲ ਦੀ ਸਜ਼ਾ ਸੁਣਾਈ ਹੈ। ਇਸ ਸਬੰਧ 'ਚ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਪਤਨੀ ਅਤੇ ਸਾਬਕਾ ਪਤੀ ਖਾਵਰ ਫਰੀਦ ਮੇਨਕਾ ਨੇ 25 ਨਵੰਬਰ 2023 ਨੂੰ ਦੋਵਾਂ 'ਤੇ ਵਿਭਚਾਰ ਅਤੇ ਧੋਖਾਧੜੀ ਨਾਲ ਵਿਆਹ ਕਰਨ ਦਾ ਦੋਸ਼ ਲਗਾਉਂਦੇ ਹੋਏ ਸ਼ਿਕਾਇਤ ਦਰਜ ਕਰਵਾਈ ਸੀ। ਪਾਕਿਸਤਾਨ ਦੇ ਪੀਨਲ ਕੋਡ ਮੁਤਾਬਕ 71 ਸਾਲਾ ਇਮਰਾਨ ਖਾਨ ਅਤੇ 49 ਸਾਲਾ ਬੁਸ਼ਰਾ ਬੀਬੀ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਇਸਲਾਮਾਬਾਦ ਈਸਟ ਦੇ ਸੀਨੀਅਰ ਵਕੀਲ ਸਿਵਲ ਜੱਜ ਕੁਦਰਤੁੱਲਾ ਦੀ ਅਦਾਲਤ 'ਚ ਕੇਸ ਚੱਲ ਰਿਹਾ ਸੀ, ਜਿੱਥੇ ਇਹ ਸਜ਼ਾ ਸੁਣਾਈ ਗਈ। ।

ਇਸ ਤੋਂ ਪਹਿਲਾਂ ਪੀਟੀਆਈ ਦੇ ਸੰਸਥਾਪਕ ਇਮਰਾਨ ਖਾਨ ਅਤੇ ਸ਼ਾਹ ਮਹਿਮੂਦ ਕੁਰੈਸ਼ੀ ਨੂੰ ਸਿਫਰ ਕੇਸ ਵਿੱਚ 10 ਸਾਲ ਦੀ ਸਜ਼ਾ ਸੁਣਾਈ ਗਈ ਸੀ। ਮਾਮਲੇ ਦੀ ਸੁਣਵਾਈ ਕਰ ਰਹੀ ਵਿਸ਼ੇਸ਼ ਅਦਾਲਤ ਦੇ ਜੱਜ ਅਬਦੁਲ ਹਸਨਤ ਜੁਲਕਰਨੈਨ ਨੇ ਮੰਗਲਵਾਰ ਨੂੰ ਇਹ ਫੈਸਲਾ ਸੁਣਾਇਆ। ਇਮਰਾਨ ਖਾਨ ਇਸ ਸਮੇਂ ਰਾਵਲਪਿੰਡੀ ਦੀ ਅਦਿਆਲਾ ਜੇਲ 'ਚ ਬੰਦ ਹਨ ਅਤੇ ਉਥੇ ਹੀ ਇਸ ਮਾਮਲੇ 'ਚ ਫੈਸਲਾ ਸੁਣਾਇਆ ਗਿਆ।

# 28 ਲੱਖ ਡਾਲਰ ਦੀ ਧੋਖਾਧੜੀ ਮਾਮਲੇ 'ਚ ਭਾਰਤੀ ਨਾਗਰਿਕ ਨੂੰ 9 ਸਾਲ ਦੀ ਸਜ਼ਾ

ਮਿਸ਼ੀਗਨ, 31 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਮਿਸ਼ੀਗਨ 'ਚ 28 ਲੱਖ ਡਾਲਰ ਦੀ ਧੋਖਾਧੜੀ ਦੇ ਮਾਮਲੇ 'ਚ ਭਾਰਤੀ ਨਾਗਰਿਕ ਨੂੰ 9 ਸਾਲ ਦੀ ਸਜ਼ਾ ਸੁਣਾਈ ਗਈ ਹੈ। ਭਾਰਤੀ ਨਾਗਰਿਕ 'ਤੇ ਸਿਹਤ ਦੇਖਭਾਲ ਨਾਲ ਧੋਖਾਧੜੀ ਕਰਨ ਅਤੇ ਮਨੀ ਲਾਂਡਰਿੰਗ ਰਾਹੀਂ ਭਾਰਤ ਵਿੱਚ ਆਪਣੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਧੋਖਾਧੜੀ ਦੀ ਕਮਾਈ ਨੂੰ ਭੇਜਣ ਦਾ ਦੋਸ਼ ਹੈ। ਮਿਸ਼ੀਗਨ ਦੇ ਰਹਿਣ ਵਾਲੇ 28 ਸਾਲਾ ਯੋਗੇਸ਼ ਕੇ. ਪੰਚੋਲੀ ਸ਼੍ਰਿੰਗ ਹੋਮ ਕੇਅਰ ਇੰਕ ਨਾਮ ਦੀ ਇੱਕ ਹੈਲਥ ਕੇਅਰ ਕੰਪਨੀ ਚਲਾਉਂਦਾ ਸੀ, ਜਿਸਦਾ ਉਹ ਮਾਲਕ ਵੀ ਸੀ।

ਯੋਗੇਸ਼ 'ਤੇ ਮੈਡੀਕੇਅਰ ਬਿਲਿੰਗ ਪ੍ਰਣਾਲੀ ਤੋਂ ਬਾਹਰ ਹੋਣ ਦੇ ਬਾਵਜੂਦ, ਦੋ ਮਹੀਨਿਆਂ ਲਈ



ਮੈਡੀਕੇਅਰ ਤੋਂ ਲਗਭਗ 2.8 ਮਿਲੀਅਨ ਡਾਲਰ ਦੇ ਭੁਗਤਾਨ ਪ੍ਰਾਪਤ ਕਰਨ ਲਈ ਜਾਅਲੀ ਨਾਮ, ਦਸਤਖਤਾਂ ਅਤੇ ਆਪਣੀ ਪਛਾਣ ਛੁਪਾਉਣ ਦਾ ਦੋਸ਼ ਹੈ, ਜਦੋਂ ਕਿ ਇਨ੍ਹਾਂ ਬਿੱਲਾਂ ਦੇ ਬਦਲੇ ਕਦੇ ਸੇਵਾਵਾਂ ਪ੍ਰਦਾਨ ਨਹੀਂ ਕੀਤੀਆਂ ਗਈਆਂ ਸਨ। ਇਸ ਤੋਂ ਬਾਅਦ ਪੰਚੋਲੀ ਨੇ ਮਨੀ ਲਾਂਡਰਿੰਗ ਰਾਹੀਂ ਇਹ ਫੰਡ ਭਾਰਤ ਵਿੱਚ ਆਪਣੇ ਵੱਖ-ਵੱਖ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤਾ।

# ਸਕੂਲ ਅਧਿਆਪਕ ਔਰਤਾਂ ਦੀਆਂ ਬਣਾਉਂਦਾ ਸੀ ਅਸ਼ਲੀਲ ਵੀਡੀਓ, ਰੰਗੇ ਹੱਥੀਂ ਫੜ੍ਹਿਆ

ਨਾਗਪੁਰ, 31 ਜਨਵਰੀ (ਪੋਸਟ ਬਿਊਰੋ): ਨਾਗਪੁਰ ਪੁਲਿਸ ਨੇ ਇੱਕ ਅਜਿਹੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ ਜੋ ਔਰਤਾਂ ਦੀ ਅਸ਼ਲੀਲ ਵੀਡੀਓ ਬਣਾਉਂਦਾ ਸੀ। ਇਹ ਵਿਅਕਤੀ ਪੇਸ਼ੇ ਤੋਂ ਆਰਟ ਟੀਚਰ ਹੈ ਪਰ ਉਹ ਔਰਤਾਂ ਦੇ ਬਾਥਰੂਮ ਨੇੜੇ ਲੁਕ-ਛਿਪ ਕੇ ਵੀਡੀਓ ਬਣਾਉਂਦਾ ਸੀ। ਨਾਗਪੁਰ ਪੁਲਿਸ ਨੇ ਵਿਅਕਤੀ ਦਾ ਨਾਮ ਮੰਗੇਸ਼ ਖਾਪਰੇ ਦੱਸਿਆ ਹੈ। ਪੁਲਸ ਨੇ ਦੱਸਿਆ ਕਿ ਮੰਗੇਸ਼ ਨੇ ਨਾਗਪੁਰ ਦੇ ਯੂਨੀਵਰਸਿਟੀ ਗਰਾਊਂਡ 'ਚ ਚੱਲ ਰਹੇ ਖਾਸਦਰ ਇੰਡਸਟਰੀਅਲ ਫੈਸਟੀਵਲ ਦੌਰਾਨ ਕਈ ਔਰਤਾਂ ਦੇ ਬਾਥਰੂਮ 'ਚ ਅਸ਼ਲੀਲ ਵੀਡੀਓ ਬਣਾਈਆਂ ਸਨ।




ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ 28 ਜਨਵਰੀ ਨੂੰ ਕੁਝ ਔਰਤਾਂ ਨਾਗਪੁਰ 'ਚ ਖਾਸਦਰ ਇੰਡਸਟਰੀਅਲ ਫੈਸਟੀਵਲ 'ਚ ਸ਼ਾਮਲ ਹੋਣ ਲਈ ਆਈਆਂ ਸਨ, ਉਨ੍ਹਾਂ ਨੇ ਜਦੋਂ ਘਟਨਾ ਵਾਲੀ ਥਾਂ 'ਤੇ ਵਾਸ਼ਰੂਮ ਦੀ ਵਰਤੋਂ ਕੀਤੀ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਕੋਈ ਨੇੜਲੀ ਖਿੜਕੀ ਤੋਂ ਉਨ੍ਹਾਂ ਦੀ ਵੀਡੀਓ ਬਣਾ ਰਿਹਾ ਹੈ। ਦੋਵੇਂ ਔਰਤਾਂ ਭੱਜ ਕੇ ਪੁਲਿਸ ਕੋਲ ਪਹੁੰਚ ਗਈਆਂ। ਇਸ ਘਟਨਾ ਸਬੰਧੀ ਪੁਲਿਸ ਨੂੰ ਸੂਚਿਤ ਕੀਤਾ ਗਿਆ ਪਰ ਮੌਕੇ 'ਤੇ ਕੋਈ ਨਹੀਂ ਮਿਲਿਆ। ਇਸ ਤੋਂ ਬਾਅਦ 29 ਜਨਵਰੀ ਨੂੰ ਇਕ ਹੋਰ ਔਰਤ ਵੀ ਪੁਲਸ ਕੋਲ ਪਹੁੰਚੀ ਅਤੇ ਉਸ ਨੇ ਵੀ ਦੱਸਿਆ ਕਿ ਕੋਈ ਬਾਥਰੂਮ ਦੀ ਖਿੜਕੀ ਤੋਂ ਵੀਡੀਓ ਬਣਾ ਰਿਹਾ ਹੈ।

ਇਸ ਤੋਂ ਬਾਅਦ ਪੁਲਿਸ ਨੇ ਇਸ ਮਾਮਲੇ ਵਿਚ ਲੱਗੇ ਸਾਰੇ ਸੀਸੀਟੀਵੀ ਕੈਮਰਿਆਂ ਦੀ ਤਲਾਸ਼ੀ ਲਈ ਤਾਂ ਪੁਲਿਸ ਨੂੰ ਵੀਵੀਆਈਪੀ ਲਾਉਂਜ ਵਿਚ ਕਈ ਵਾਰ ਦੇਖੇ ਗਏ ਇਕ ਵਿਅਕਤੀ 'ਤੇ ਸ਼ੱਕ ਹੋਇਆ। ਜਦੋਂ ਪੁਲਸ ਨੇ ਮੰਗੇਸ਼ ਨੂੰ ਹਿਰਾਸਤ 'ਚ ਲੈ ਕੇ ਉਸ ਦਾ ਮੋਬਾਇਲ ਚੈੱਕ ਕੀਤਾ ਤਾਂ ਉਸ ਦੇ ਮੋਬਾਇਲ 'ਚ 20 ਤੋਂ ਵੱਧ ਇਸ ਤਰ੍ਹਾਂ ਦੀਆਂ ਅਸ਼ਲੀਲ ਵੀਡੀਓਜ਼ ਮਿਲੀਆਂ।

# ਪਾਕਿਸਤਾਨ 'ਚ ਵੱਡਾ ਅੱਤਵਾਦੀ ਹਮਲਾ, 15 ਲੋਕਾਂ ਦੀ ਮੌਤ, 9 ਅੱਤਵਾਦੀ ਢੇਰ

ਇਸਲਾਮਾਬਾਦ, 31 ਜਨਵਰੀ (ਪੋਸਟ ਬਿਊਰੋ): ਭਾਰਤ ਦੇ ਗੁਆਂਢੀ ਦੇਸ਼ ਪਾਕਿਸਤਾਨ ਨੂੰ ਅੱਤਵਾਦ ਦੀ ਫੈਕਟਰੀ ਮੰਨਿਆ ਜਾਂਦਾ ਹੈ। ਪਰ ਹੁਣ ਇਹੀ ਅੱਤਵਾਦੀ 'ਭਸਮਾਸੁਰ' ਬਣ ਗਏ ਹਨ। ਪਾਕਿਸਤਾਨ ਇਨ੍ਹਾਂ ਦਹਿਸ਼ਤਗਰਦਾਂ ਨਾਲ ਘਿਰਿਆ ਹੋਇਆ ਹੈ ਜਿਸ ਨੂੰ ਇਸ ਨੇ ਪਾਲਿਆ ਹੈ। ਤਾਜ਼ਾ ਘਟਨਾਕ੍ਰਮ ਦੇ ਹਿੱਸੇ ਵਜੋਂ, ਪਾਕਿਸਤਾਨ ਵਿੱਚ ਇੱਕ ਵੱਡਾ ਅੱਤਵਾਦੀ ਹਮਲਾ ਹੋਇਆ ਹੈ। ਇਸ ਹਮਲੇ 'ਚ 15 ਲੋਕਾਂ ਦੇ ਮਾਰੇ ਜਾਣ ਦੀ ਖਬਰ ਹੈ। ਇਹ ਹਮਲਾ ਪਾਕਿਸਤਾਨ ਦੇ ਅਸ਼ਾਂਤ ਬਲੋਚਿਸਤਾਨ ਵਿੱਚ ਹੋਇਆ ਹੈ। ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਦੇ ਨਾਲ-ਨਾਲ ਈਰਾਨ ਦੇ ਗੁਆਂਢੀ ਸਿਸਤਾਨ-ਬਲੂਚਿਸਤਾਨ ਸੂਬੇ ਵਿੱਚ ਬਲੋਚ ਰਾਸ਼ਟਰਵਾਦੀਆਂ ਵੱਲੋਂ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਬਗਾਵਤ



ਜਾਰੀ ਹੈ। ਸਰਕਾਰ ਬਗਾਵਤ ਨੂੰ ਖਤਮ ਕਰਨ ਦਾ ਦਾਅਵਾ ਕਰਦੀ ਹੈ, ਪਰ ਸੂਬੇ ਵਿੱਚ ਹਿੰਸਾ ਜਾਰੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ, ਭਾਰੀ ਹਥਿਆਰਾਂ ਨਾਲ ਲੈਸ ਅੱਤਵਾਦੀਆਂ ਨੇ ਪਾਕਿਸਤਾਨ ਦੇ ਅਸ਼ਾਂਤ ਬਲੋਚਿਸਤਾਨ ਸੂਬੇ ਵਿੱਚ ਤਾਲਮੇਲ ਨਾਲ ਤਿੰਨ ਹਮਲੇ ਕੀਤੇ, ਜਿਸ ਵਿੱਚ 4 ਅਧਿਕਾਰੀ ਅਤੇ 2 ਨਾਗਰਿਕ ਮਾਰੇ ਗਏ। ਇਸ ਦੌਰਾਨ ਗੋਲੀਬਾਰੀ ਸ਼ੁਰੂ ਹੋ ਗਈ, ਜਿਸ 'ਚ 9 ਅੱਤਵਾਦੀ ਮਾਰੇ ਗਏ। ਇਹ ਜਾਣਕਾਰੀ ਦਿੰਦਿਆਂ ਅਧਿਕਾਰੀਆਂ ਨੇ ਦੱਸਿਆ ਕਿ ਤਿੰਨ ਹਮਲਿਆਂ ਵਿੱਚੋਂ ਇੱਕ ਹਮਲਾ ਉੱਚ ਸੁਰੱਖਿਆ ਵਾਲੀ ਜੇਲ੍ਹ 'ਤੇ ਵੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਹਮਲੇ ਸੂਬਾਈ ਰਾਜਧਾਨੀ ਕਵੇਟਾ ਤੋਂ ਕਰੀਬ 70 ਕਿਲੋਮੀਟਰ ਦੂਰ ਮਾਚ ਸ਼ਹਿਰ 'ਚ ਸੋਮਵਾਰ ਨੂੰ ਹੋਏ।

# ਮਥੁਰਾ 'ਚ ਕਾਰ ਅਤੇ ਬਾਈਕ ਵਿਚਾਲੇ ਹੋਈ ਟੱਕਰ 'ਚ 3 ਲੋਕਾਂ ਦੀ ਮੌਤ

ਮਥੁਰਾ, 31 ਜਨਵਰੀ (ਪੋਸਟ ਬਿਊਰੋ): ਯੂਪੀ ਦੇ ਮਥੁਰਾ ਦੇ ਬਰਸਾਨਾ ਥਾਣਾ ਖੇਤਰ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ ਹੈ। ਇੱਥੇ ਇੱਕ ਕਾਰ ਅਤੇ ਬਾਈਕ ਵਿਚਾਲੇ ਹੋਈ ਟੱਕਰ ਵਿੱਚ ਬਾਈਕ ਸਵਾਰ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਮ੍ਰਿਤਕ ਦੇ ਰਿਸ਼ਤੇਦਾਰਾਂ ਨੂੰ ਜਿਵੇਂ ਹੀ ਇਸ ਗੱਲ ਦਾ ਪਤਾ ਲੱਗਾ ਤਾਂ ਉਨ੍ਹਾਂ ਦੇ ਘਰ 'ਚ ਹੜਕੰਪ ਮੱਚ ਗਿਆ।

ਮਥੁਰਾ ਦੇ ਐਸਪੀ ਦਿਹਾਤੀ ਤ੍ਰਿਗੁਣ ਬਿਸੇਨ ਨੇ ਕਿਹਾ, 'ਬਰਸਾਨਾ ਥਾਣਾ ਖੇਤਰ ਦੇ

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**




ਬਰਸਾਨਾ-ਗੋਵਰਧਨ ਰੋਡ 'ਤੇ ਇੱਕ ਕਾਰ ਅਤੇ ਮੋਟਰਸਾਈਕਲ ਦੀ ਟੱਕਰ ਹੋ ਗਈ। ਇਸ ਘਟਨਾ ਵਿੱਚ ਮੋਟਰਸਾਈਕਲ ਸਵਾਰ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ। ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਇਹ ਹਾਦਸਾ ਮੰਗਲਵਾਰ ਨੂੰ ਵਾਪਰਿਆ ਦੱਸਿਆ ਜਾ ਰਿਹਾ ਹੈ। ਬਾਈਕ 'ਤੇ ਸਵਾਰ ਤਿੰਨ ਲੋਕਾਂ 'ਚ ਦੋ ਭਰਾ ਅਤੇ ਇਕ ਜੀਜਾ ਸ਼ਾਮਲ ਸੀ। ਮ੍ਰਿਤਕਾਂ ਦੀ ਪਛਾਣ ਅਭਿਸ਼ੇਕ ਸੈਣੀ, ਅੰਕੁਰ ਸੈਣੀ ਅਤੇ ਸੰਨੀ ਵਜੋਂ ਹੋਈ ਹੈ। ਪੁਲੀਸ ਅਨੁਸਾਰ ਕਾਰ ਚਾਲਕ ਫਰਾਰ ਹੋ ਗਿਆ।

**SherGill Law Firm**
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters

Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

**ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ**
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration

We do appeal for Refusal cases also
**Sponsor Your Family**
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

**ਬਰਾੜ ਗਰਾਜ ਡੋਰ**
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਕੇਂਦਰ ਸਰਕਾਰ ਪੰਜਾਬ ਨੂੰ ਅਟਲ-ਭੂ ਜਲ ਯੋਜਨਾ ਵਿੱਚ ਸ਼ਾਮਿਲ ਕਰੇ : ਜੌੜਾਮਾਜਰਾ

## ਕਿਹਾ, ਨਿਰੰਤਰ ਪੱਤਰ-ਵਿਹਾਰ ਦੇ ਬਾਵਜੂਦ ਸੂਬੇ ਦੀ ਸੁਣਵਾਈ ਨਹੀਂ ਹੋ ਰਹੀ



ਚੰਡੀਗੜ੍ਹ, 31 ਜਨਵਰੀ ( ਗਿਆਨ ਸਿੰਘ): ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕੇਂਦਰ ਸਰਕਾਰ ਨੂੰ ਮੁੜ ਅਪੀਲ ਕੀਤੀ ਹੈ ਕਿ ਉਹ ਧਰਤੀ ਹੇਠਲੇ ਪਾਣੀ ਦੇ ਨਿਰੰਤਰ ਘਟਣ ਕਾਰਨ ਚਿੰਤਾਜਨਕ ਸਥਿਤੀ ਵੱਲ ਵਧ ਰਹੇ ਪੰਜਾਬ ਸੂਬੇ ਨੂੰ ਅਟਲ-ਭੂ ਜਲ ਯੋਜਨਾ ਵਿੱਚ ਸ਼ਾਮਲ ਕਰੇ। ਉਨ੍ਹਾਂ ਅਫ਼ਸੋਸ ਜਤਾਇਆ ਕਿ ਸੂਬਾ ਸਰਕਾਰ ਵੱਲੋਂ ਨਿਰੰਤਰ ਪੱਤਰ-ਵਿਹਾਰ ਕਰਨ ਦੇ ਬਾਵਜੂਦ ਕੇਂਦਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ।

ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿਖੇ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੇ ਘੱਟ ਰਹੇ ਪੱਧਰ ਨੂੰ ਰੋਕਣ ਅਤੇ ਪਾਣੀ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਉਣ ਸਬੰਧੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਵਿਚਾਰ-ਵਟਾਂਦਰੇ ਦੌਰਾਨ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਜਲ ਸਰੋਤ ਵਿਭਾਗ ਵੱਲੋਂ ਇਸ ਮਾਮਲੇ ਸਬੰਧੀ ਕਈ ਵਾਰ ਲਿਖਿਆ ਜਾ ਚੁੱਕਾ ਹੈ ਪਰ ਕੇਂਦਰ ਸਰਕਾਰ ਵੱਲੋਂ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਸੰਤ ਸੀਚੇਵਾਲ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੱਧਰ 'ਤੇ ਵੀ ਕੇਂਦਰ ਸਰਕਾਰ ਕੋਲ ਸੂਬੇ ਦੀ ਮੰਗ ਜ਼ੋਰਦਾਰ ਢੰਗ ਨਾਲ ਉਠਾਉਣ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਟਲ -ਭੂ-ਜਲ ਯੋਜਨਾ ਤਹਿਤ ਉਨ੍ਹਾਂ ਸੂਬਿਆਂ ਦੀ ਮਦਦ ਕੀਤੀ ਜਾਣੀ ਸੀ, ਜਿੱਥੇ ਧਰਤੀ ਹੇਠਲੇ ਪਾਣੀ ਦੀ ਸਥਿਤੀ ਗੰਭੀਰ ਹੈ ਪਰ ਦੇਸ਼ ਦਾ ਢਿੱਡ ਭਰਨ ਵਾਲੇ ਪੰਜਾਬ ਨਾਲ ਮਤਰੇਈ ਮਾਂ ਦਾ ਸਲੂਕ ਕਰਦਿਆਂ ਕੇਂਦਰ ਸਰਕਾਰ ਨੇ ਪੰਜਾਬ ਨੂੰ ਇਸ ਯੋਜਨਾ ਵਿੱਚ ਸ਼ਾਮਲ ਹੀ ਨਹੀਂ ਕੀਤਾ ਜਦਕਿ ਸੂਬੇ ਵਿੱਚ ਧਰਤੀ ਹੇਠਲਾ ਪਾਣੀ ਨਿਰੰਤਰ ਘਟਦਾ ਜਾ ਰਿਹਾ ਹੈ।

ਇਸੇ ਦੌਰਾਨ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੱਸਿਆ ਕਿ ਜਲ ਸਰੋਤਾਂ ਬਾਰੇ ਬਣੀ ਸੰਸਦੀ ਕਮੇਟੀ ਵਿੱਚ ਉਹ ਮੈਂਬਰ ਹੋਣ ਦੇ ਨਾਤੇ ਇਸ ਸਕੀਮ ਤਹਿਤ ਪੰਜਾਬ ਨੂੰ ਬਾਹਰ ਰੱਖੇ ਜਾਣ ਦਾ ਪਹਿਲਾਂ ਵੀ ਸਖ਼ਤ ਇਤਰਾਜ਼ ਜਤਾ ਚੁੱਕੇ ਹਨ ਅਤੇ ਪੰਜਾਬ ਨੂੰ ਇਸ ਯੋਜਨਾ ਵਿੱਚ ਸ਼ਾਮਿਲ ਕਰਨ ਲਈ ਲਿਖ ਵੀ ਚੁੱਕੇ ਹਨ।

ਸੰਤ ਸੀਚੇਵਾਲ ਵੱਲੋਂ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ 'ਤੇ ਪੱਕੀ ਸੜਕ ਬਣਾਉਣ ਦੀ ਮੰਗ ਬਾਰੇ ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਉਹ ਤੁਰੰਤ ਪੰਜਾਬ ਮੰਡੀ ਬੋਰਡ ਨਾਲ ਰਾਬਤਾ ਕਰਨ ਤਾਂ ਜੋ ਸੜਕ ਬਣਾਉਣ ਸਬੰਧੀ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ। ਉਨ੍ਹਾਂ ਕਿਹਾ ਕਿ ਦਰਿਆ ਕਿਨ-ਾਰੇ ਸੜਕ ਬਣਨ ਨਾਲ ਧੁੱਸੀ ਬੰਨ੍ਹ ਨੂੰ ਮਜ਼ਬੂਤੀ ਮਿਲੇਗੀ ਅਤੇ ਹੜ੍ਹਾਂ ਦੌਰਾਨ ਪਾੜ ਪੈਣ ਦੀਆਂ ਘਟਨਾਵਾਂ ਨੂੰ ਕਾਫ਼ੀ ਹੱਦ ਤੱਕ ਠੱਲ੍ਹ ਪਵੇਗੀ।

ਚੇਤਨ ਸਿੰਘ ਜੌੜਾਮਾਜਰਾ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੂਬੇ ਦੇ ਦਰਿਆਵਾਂ ਅਤੇ ਪੁਲਾਂ ਹੇਠ ਸਫ਼ਾਈ ਯਕੀਨੀ ਬਣਾਉਣ ਤਾਂ ਜੋ ਦਰਿਆ ਦੇ ਪਾਣੀ ਦੀ ਨਿਕਾਸੀ ਸਹੀ ਢੰਗ ਨਾਲ ਹੋ ਸਕੇ। ਉਨ੍ਹਾਂ ਕਿਹਾ ਕਿ ਹੁਣ ਜਦੋਂ ਬਰਸਾਤਾਂ ਦੇ ਸਮੇਂ ਵਿੱਚ 6 ਮਹੀਨੇ ਦਾ ਸਮਾਂ ਰਹਿ ਗਿਆ ਹੈ ਤਾਂ ਇਹ ਜ਼ਰੂਰੀ ਹੈ ਕਿ ਸਫ਼ਾਈ ਦੇ ਕੰਮਾਂ ਵਿੱਚ ਤੇਜ਼ੀ ਲਿਆਂਦੀ ਜਾਵੇ।

ਮੀਟਿੰਗ ਦੌਰਾਨ ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ, ਚੀਫ਼ ਇੰਜੀਨੀਅਰ (ਡਰੇਨੇਜ) ਹਰਦੀਪ ਸਿੰਘ ਮਹਿੰਦੀਰੱਤਾ, ਚੀਫ਼ ਇੰਜੀਨੀਅਰ (ਨਹਿਰਾਂ) ਸ਼ੇਰ ਸਿੰਘ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਸੀਫੇਟ ਵਲੋਂ ਔਰਤਾਂ ਦੇ ਸਸ਼ਕਤੀਕਰਨ ਲਈ ਸੀਰੀਅਲ ਪ੍ਰੋਸੈਸਿੰਗ ਅਤੇ ਵੈਲਯੂ-ਐਡੀਸ਼ਨ ਸਿਖਲਾਈ ਦਾ ਆਯੋਜਨ

ਲੁਧਿਆਣਾ, 31 ਜਨਵਰੀ (ਗਿਆਨ ਸਿੰਘ): ਅਨੁਸੂਚਿਤ ਜਾਤੀ ਉਪ-ਯੋਜਨ ਤਹਿਤ ਪੇਂਡੂ ਔਰਤਾਂ ਦੀਆਂ ਆਰਥਿਕ ਸੰਭਾਵਨਾਵਾਂ ਨੂੰ ਵਧਾਉਣ, ਅਨਾਜ ਦੀ ਪ੍ਰੋਸੈਸਿੰਗ ਅਤੇ ਵੈਲਯੂ-ਐਡੀਸ਼ਨ ਬਾਰੇ ਤਿੰਨ ਰੋਜ਼ਾ ਸਿਖਲਾਈ ਪ੍ਰੋਗਰਾਮ ਸੈਂਟਰਲ ਇੰਸਟੀਚਿਊਟ ਆਫ਼ ਪੋਸਟ-ਹਾਰਵੈਸਟ ਇੰਜਨੀਅਰਿੰਗ ਐਂਡ ਟੈਕਨਾਲੋਜੀ-ਆਈ.ਸੀ.ਏ.ਆਰ (ਸੀਫੇਟ), ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ ਆਯੋਜਿਤ ਕੀਤਾ ਗਿਆ।

ਇਹ ਸਿਖਲਾਈ 29 ਤੋਂ 31 ਜਨਵਰੀ ਤੱਕ ਰੂਪਨਗਰ ਜ਼ਿਲ੍ਹੇ ਅਧੀਨ ਚਮਕੌਰ ਸਾਹਿਬ ਤੋਂ ਚੁਣੀਆਂ ਗਈਆਂ 50 ਮਹਿਲਾ ਲਾਭਪਾਤਰੀਆਂ ਨੂੰ ਵਾਢੀ ਤੋਂ ਬਾਅਦ ਦੇ ਪ੍ਰਬੰਧਨ 'ਤੇ ਕੇਂਦਰਿਤ ਕਰਦੇ ਹੋਏ ਪ੍ਰਦਾਨ ਕੀਤੀ ਗਈ। ਸਹਿਯੋਗੀ ਪਹਿਲਕਦਮੀ ਨੇ ਗ੍ਰਾਂਟ ਥੋਰਨਟਨ ਭਾਰਤ, ਐਚ.ਡੀ.ਐਫ.ਸੀ. ਪਰਿਵਰਤਨ ਪ੍ਰੋਜੈਕਟ, ਅਤੇ ਆਈ.ਸੀ.ਏ.ਆਰ (ਸੀਫੇਟ), ਲੁਧਿਆਣਾ ਨੂੰ ਇਕੱਠਾ ਕੀਤਾ। ਇਸ




ਸਮਾਗਮ ਦੀ ਸ਼ੁਰੂਆਤ ਮਹਿਲਾ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਨਾਲ ਹੋਈ, ਜਿਸ ਤੋਂ ਬਾਅਦ ਇੱਕ ਉਦਘਾਟਨੀ ਸਮਾਰੋਹ ਹੋਇਆ ਜਿਸ ਨੇ ਵਾਢੀ ਤੋਂ ਬਾਅਦ ਦੀਆਂ ਗਤੀਵਿਧੀਆਂ ਅਤੇ ਇਸ ਦੀਆਂ ਵੱਖ-ਵੱਖ ਸੇਵਾਵਾਂ ਵਿੱਚ ਸੀਫੇਟ ਦੇ ਮਹੱਤਵਪੂਰਨ ਯੋਗਦਾਨ 'ਤੇ ਚਾਨਣਾ ਪਾਇਆ।

ਸੀਫੇਟ ਦੇ ਡਾਇਰਕੈਟਰ ਡਾ. ਨਚੀਕੇਤ ਕੋਤਵਾਲੀਵਾਲੇ ਵਲੋਂ ਵੱਖ-ਵੱਖ ਸਿਖਲਾਈ ਸੈਸ਼ਨਾਂ ਤੋਂ ਬਾਅਦ ਪੇਂਡੂ ਭਾਈਚਾਰੇ ਲਈ ਟਿਕਾਊ ਆਜੀਵਿਕਾ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਸੰਸਥਾ ਦੀ ਭੂਮਿਕਾ 'ਤੇ ਜ਼ੋਰ ਦਿੱਤਾ।

ਡਾ. ਰਣਜੀਤ ਸਿੰਘ, ਹੈਡ ਟੀ.ਓ.ਟੀ. ਡਿਵੀਜ਼ਨ ਨੇ ਪੇਂਡੂ ਔਰਤਾਂ ਦੇ ਹੁਨਰ ਨੂੰ ਨਿਖਾਰ ਕੇ ਅਤੇ ਸਹਾਇਕ ਗਤੀਵਿਧੀਆਂ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦੀ ਆਮਦਨ ਨੂੰ ਉਚਾ ਚੁੱਕਣ ਵਿੱਚ ਖੇਤੀਬਾੜੀ ਕਾਰੋਬਾਰ ਦੀ ਭੂਮਿਕਾ ਬਾਰੇ ਇੱਕ ਲੈਕਚਰ ਦਿੱਤਾ। ਗ੍ਰਾਂਟ ਥਾਰਨਟਨ ਭਾਰਤ ਟੀਮ ਮਨਪ੍ਰੀਤ ਸਿੰਘ, ਸੰਤੋਖ ਸਿੰਘ ਸਾਕਸ਼ੀ ਅਤੇ ਸ਼ਿਖਾ ਕਪੂਰ ਨੇ ਪੂਰੇ ਸਿਖਲਾਈ ਪ੍ਰੋਗਰਾਮ ਦੌਰਾਨ ਭਾਗੀਦਾਰਾਂ ਦੀ ਸ਼ਮੂਲੀਅਤ ਨੂੰ ਆਸਾਨ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।









## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664








**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਪ੍ਰਵਾਸੀ ਭਾਰਤੀਆਂ ਵਲੋਂ 'ਸਫਲ ਕਿਸਾਨ ਸਨਮਾਨ ਸਮਾਗਮ', ਵਾਤਾਵਰਣ ਪੱਖੀ ਕਿਸਾਨ ਸਨਮਾਨਤ

## * ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੀਤੀ ਸ਼ਿਰਕਤ * ਸ਼ਿਕਾਗੋ ਤੋਂ ਪਗੜੀ ਸੰਸਥਾ ਦੇ ਮੁੱਖ ਸੇਵਾਦਾਰ ਲਾਲ ਸਿੰਘ ਨੇ ਕੀਤੀ ਪ੍ਰਧਾਨਗੀ





ਕੋਟਕਪੂਰਾ, 31 ਜਨਵਰੀ ( ਗਿਆਨ ਸਿੰਘ ) ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ 'ਚ ਯਤਨਸ਼ੀਲ ਰਹਿਣ ਵਾਲੀ ਪ੍ਰਵਾਸੀ ਭਾਰਤੀਆਂ ਦੀ ਸੰਸਥਾ 'ਪਗੜੀ' ਵੱਲੋਂ 'ਸਫਲ ਕਿਸਾਨ ਸਨਮਾਨ ਸਮਾਗਮ' ਦੌਰਾਨ ਪਿਛਲੇ ਸਮੇਂ ਤੋਂ ਸ਼ੁਰੂ ਕੀਤੇ ਪ੍ਰੋਜੈਕਟ "ਜੈਵਿਕ ਘਰੇਲੂ ਬਗੀਚੀ" ਅਤੇ ਮੁਰਗੀ ਪਾਲਣ 'ਚ ਸਫਲਤਾ ਹਾਸਲ ਕਰਨ ਵਾਲੇ ਕਿਸਾਨਾਂ ਦਾ ਅੱਜ ਸਨਮਾਨ ਕੀਤਾ ਗਿਆ।

ਕੋਟਕਪੂਰਾ ਨੇੜੇ ਕੋਠੇ ਗੱਜਣ ਸਿੰਘ ਵਾਲਾ ਵਿਖੇ ਹੋਏ ਸਮਾਗਮ ਵਿੱਚ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਬਤੌਰ ਮੁੱਖ ਮਹਿਮਾਨ ਸਾਮਲ ਹੋਏ । ਸਮਾਗਮ ਦੀ ਪ੍ਰਧਾਨਗੀ "ਪਗੜੀ" ਸੰਸਥਾ ਦੇ ਮੁੱਖ ਸੇਵਾਦਾਰ ਲਾਲ ਸਿੰਘ ਸ਼ਿਕਾਗੋ ਨੇ ਕੀਤੀ। ਸਪੀਕਰ ਸੰਧਵਾਂ ਨੇ ਪਗੜੀ ਸੰਸਥਾ ਵਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਸੰਸਥਾ ਵਲੋਂ ਛੋਟੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਦੇਖਦਿਆਂ ਕਿਸਾਨਾਂ ਦੀ ਮੱਦਦ ਕਰਨ ਲਈ 40 ਕਿਸਾਨਾਂ ਨੂੰ ਪੋਲਟਰੀ ਦਾ ਕੰਮ ਸ਼ੁਰੂ ਕਰਵਾ ਕੇ ਦਿੱਤਾ ਗਿਆ ਹੈ। ਇਸ ਤੋਂ ਇਲਾਵਾ 450 ਘਰੇਲੂ ਬਗੀਚੀਆਂ ਲਵਾਈਆਂ, ਕੁਦਰਤੀ ਖੇਤੀ ਲਈ ਕਿਸਾਨਾਂ ਨੂੰ ਵੀ ਉਤਸ਼ਾਹਿਤ ਕੀਤਾ ਹੈ। ਸੰਸਥਾ ਵਲੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ 'ਚ ਲੋੜ ਅਨੁਸਾਰ ਹਰ ਸੰਭਵ ਮੱਦਦ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਖੇਤੀਬਾੜੀ ਬਹੁਤ ਲਾਹੇਵੰਦ ਧੰਦਾ ਹੈ ਅਤੇ ਪੁਰਾਣੀ ਕਹਾਵਤ ਉਤਮ ਖੇਤੀ, ਮੱਧਮ ਵਪਾਰ, ਨਖਿੱਧ ਚਾਕਰੀ ਭੀਖ ਦੁਆਰ ਅਨੁਸਾਰ ਅੱਜ ਵੀ ਖੇਤੀ ਦਾ ਧੰਦਾ ਹਰ ਪੱਖੋਂ ਉਤਮ ਹੈ। ਸੰਸਥਾ ਦੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਮੁਤਾਬਿਕ ਸਪੀਕਰ ਸੰਧਵਾਂ ਨੇ ਆਖਿਆ ਕਿ ਅਜਿਹੀਆਂ ਵਾਤਾਵਰਣ ਪੱਖੀ ਸੰਸਥਾਵਾਂ ਅਤੇ ਜਥੇਬੰਦੀਆਂ ਦੇ ਸਹਿਯੋਗ ਲਈ ਸਰਕਾਰ ਹਰ ਸਮੇਂ ਤਿਆਰ ਹੈ ਤੇ ਉਹ ਇਸ ਬਾਰੇ ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਮੰਤਰੀ ਪੰਜਾਬ ਨਾਲ ਵੀ ਗੱਲਬਾਤ ਕਰਨਗੇ। ਸੰਸਥਾ ਦੇ ਸੰਸਥਾਪਕ ਅਤੇ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸ ਲਾਲ ਸਿੰਘ ਸ਼ਿਕਾਗੋ ਨੇ ਆਖਿਆ ਕਿ ਸੰਸਥਾ ਵਲੋਂ ਹੁਣ ਤੱਕ 450 ਤੋਂ ਜਿਆਦਾ ਵਾਤਾਵਰਣ ਪੱਖੀ ਕਿਸਾਨਾ ਦਾ ਸਨਮਾਨ ਕੀਤਾ ਜਾ ਚੁੱਕਾ ਹੈ। ਅੱਜ 40 ਪੋਲਟਰੀ ਫਾਰਮ ਦਾ ਧੰਦਾ ਕਰਨ ਵਾਲੇ ਅਤੇ 55 ਘਰੇਲੂ ਬਗੀਚੀਆਂ ਵਾਲੇ ਵਾਤਾਵਰਣ ਪੱਖੀ ਕਿਸਾਨਾਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਡਾ ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ, ਗੁਰਪ੍ਰੀਤ ਸਿੰਘ ਬਲਾਕ ਅਫਸਰ ਸਮੇਤ ਹਰਵਿੰਦਰ ਸਿੰਘ ਮਰਵਾਹਾ, ਦਲੇਰ ਸਿੰਘ, ਅਮਰਜੀਤ ਸਿੰਘ ਢਿੱਲੋਂ, ਦਲੀਪ ਸਿੰਘ, ਮਾ. ਜਸਪਾਲ ਸਿੰਘ ਮੜਾਕ, ਡਾ. ਮਨਜੀਤ ਸਿੰਘ ਲਾਲੇਆਣਾ ਅਤੇ ਪਰਮਜੀਤ ਸਿੰਘ ਮਾਨ ਨੇ ਵੀ ਸੰਬੋਧਨ ਕੀਤਾ। ਉਹਨਾਂ ਦੱਸਿਆ ਕਿ ਪਗੜੀ ਸੰਸਥਾ ਸ਼ਿਕਾਗੋ (ਅਮਰੀਕਾ) ਕਿਸਾਨੀ ਮੋਰਚੇ ਤੋਂ ਬਾਅਦ ਹੋਂਦ ਵਿੱਚ ਆਈ ਅਤੇ ਪ੍ਰਵਾਸੀ ਭਾਰਤੀ ਵੀਰਾਂ ਨੇ ਛੋਟੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਦੇਖਦਿਆਂ ਸੋਚਿਆ ਕਿ ਕਿਸਾਨਾਂ ਦੀ ਮੱਦਦ ਕੀਤੀ ਜਾਣੀ ਚਾਹੀਦੀ ਹੈ। ਉਕਤ ਸੰਸਥਾ ਨੇ ਲਾਲ ਸਿੰਘ (ਮੁੱਖ ਸੇਵਾਦਾਰ) ਸ਼ਿਕਾਗੋ, ਕੁਲਦੀਪ ਸਿੰਘ ਸਰਾਂ, ਡਾ. ਹਰਿੰਦਰ ਸਿੰਘ ਲਾਂਬਾ ਦੀ ਅਗਵਾਈ ਵਿੱਚ ਫਰੀਦਕੋਟ ਤੋਂ ਸੇਵਾ ਕਾਰਜ ਸ਼ੁਰੂ ਕੀਤਾ। ਹਰਵਿੰਦਰ ਸਿੰਘ (ਕੋਆਰਡੀਨੇਟਰ) ਨੇ ਦੱਸਿਆ ਕਿ ਫਰੀਦਕੋਟ ਦੇ ਪਿੰਡਾਂ ਖਾਰਾ, ਵਾੜਾਦਰਾਕਾ, ਬਾਹਮਣਵਾਲਾ, ਢਾਬ ਗੁਰੂ ਕੀ, ਢੈਪਈ, ਰੋਮਾਣਾ ਅਲਬੇਲ ਸਿੰਘ, ਡੇਲਿਆਂਵਾਲੀ, ਕੋਠੇ ਰਾਮਸਰ, ਹਜ਼ੂਰਾ ਸਿੰਘ ਵਾਲਾ, ਲਾਲੇਆਣਾ ਆਦਿ ਦੇ 30 ਕਿਸਾਨਾਂ ਨੂੰ ਪੋਲਟਰੀ ਦਾ ਕੰਮ ਸ਼ੁਰੂ ਕਰਕੇ ਦਿੱਤਾ, 419 ਘਰੇਲੂ ਬਗੀਚੀਆਂ ਲਵਾਈਆਂ, ਕੁਦਰਤੀ ਖੇਤੀ ਲਈ ਕਿਸਾਨਾ ਨੂੰ ਉਤਸ਼ਾਹਿਤ ਕੀਤਾ। ਇਸ ਤੋਂ ਇਲਾਵਾ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ 'ਚ ਲੋੜ ਅਨੁਸਾਰ ਮੱਦਦ ਕੀਤੀ ਜਾ ਰਹੀ ਹੈ। ਇਸ ਮੌਕੇ ਉਪਰਕੋਤ ਤੋਂ ਇਲਾਵਾ ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਮਨਦੀਪ ਸਿੰਘ ਮੋਂਗਾ, ਜਗਤਾਰ ਸਿੰਘ ਨੰਗਲ, ਜੋਰ-ਾਵਰ ਸਿੰਘ ਚਹਿਲ, ਜਸਵੰਤ ਸਿੰਘ ਢਿੱਲੋਂ, ਜਸਵਿੰਦਰ ਸਿੰਘ ਢਿੱਲੋਂ, ਪੱਪਾ ਸਿੰਘ ਸੇਖੋਂ ਆਦਿ ਵੀ ਹਾਜਰ ਸਨ।

# ਮੁੱਖ ਮੰਤਰੀ ਵੱਲੋਂ ਪੰਜਾਬ ਭਰ ਦੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗ



ਚੰਡੀਗੜ੍ਹ, 31 ਜਨਵਰੀ (ਪੋਸਟ ਬਿਊਰੋ)::ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਇੱਥੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ ਅਤੇ ਸੂਬੇ ਵਿੱਚ ਨਾਗਰਿਕ ਸੇਵਾਵਾਂ ਮੁਹੱਈਆ ਕਰਨ ਦੀ ਸਮੀਖਿਆ ਕੀਤੀ।

ਇੱਥੇ ਪੰਜਾਬ ਭਵਨ ਵਿੱਚ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸੂਬੇ ਵਿੱਚ ਘਰ-ਘਰ ਸੇਵਾਵਾਂ ਸਕੀਮ ਨੂੰ ਲਾਗੂ ਕਰਨ ਉਤੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਉਤੇ ਤਸੱਲੀ ਜ਼ਾਹਰ ਕੀਤੀ। ਉਨ੍ਹਾਂ ਕਿਹਾ ਕਿ ਇਸ ਵੱਡ ਆਕਾਰੀ ਸਕੀਮ ਦਾ ਮੰਤਵ 43 ਨਾਗਰਿਕ ਸੇਵਾਵਾਂ ਨੂੰ ਲੋਕਾਂ ਦੇ ਘਰ-ਘਰ ਤੱਕ ਪਹੁੰਚਾਉਣਾ ਹੈ। ਭਗਵੰਤ ਸਿੰਘ ਮਾਨ ਨੇ ਡਿਪਟੀ ਕਮਿਸ਼ਨਰਾਂ ਨੂੰ ਕਿਹਾ ਕਿ ਲੋਕਾਂ ਦੀ ਭਲਾਈ ਲਈ ਇਸ ਸਕੀਮ ਨੂੰ ਮਿਸ਼ਨਰੀ ਉਤਸ਼ਾਹ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ।

ਇਕ ਹੋਰ ਏਜੰਡੇ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮੇਂ ਸੂਬੇ ਵਿੱਚ 664 ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ ਅਤੇ ਹੁਣ ਤੱਕ ਇਨ੍ਹਾਂ ਕਲੀਨਿਕਾਂ ਵਿੱਚੋਂ 98 ਲੱਖ ਦੇ ਕਰੀਬ ਮਰੀਜ਼ ਇਲਾਜ ਸਹੂਲਤਾਂ ਦਾ ਲਾਭ ਲੈ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹੁਣ ਤੱਕ 40.50 ਕਰੋੜ ਰੁਪਏ ਦੀਆਂ ਦਵਾਈਆਂ ਅਤੇ 5.77 ਕਰੋੜ ਰੁਪਏ ਦੇ ਲੈਬ ਟੈਸਟਾਂ ਦੀ ਸਹੂਲਤ ਦਾ ਲਾਭ ਮਰੀਜ਼ ਉਠਾ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 150 ਨਵੇਂ ਆਮ ਆਦਮੀ ਕਲੀਨਿਕ ਜਲਦੀ ਹੀ ਸੂਬੇ ਦੇ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ, ਜਿਸ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਇਨ੍ਹਾਂ ਕਲੀਨਿਕਾਂ ਦੀ ਬਾਕਾਇਦਾ ਜਾਂਚ ਯਕੀਨੀ ਬਣਾਉਣ ਲਈ ਆਖਿਆ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਵੱਲੋਂ ਲਿਖੀਆਂ ਜਾਣ ਵਾਲੀਆਂ ਸਾਰੀਆਂ ਦਵਾਈਆਂ ਮਰੀਜਾਂ ਨੂੰ ਹਸਪਤਾਲ ਦੇ ਅੰਦਰ ਹੀ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹਸਪਤਾਲਾਂ ਅਤੇ ਸਬ ਡਿਵੀਜਨਲ ਹਸਪਤਾਲਾਂ ਵਿੱਚ 276 ਦਵਾਈਆਂ ਪਹਿਲਾਂ ਹੀ ਲਾਜ਼ਮੀ ਦਵਾਈਆਂ ਦੀ ਸੂਚੀ ਵਿੱਚ ਸਾਮਲ ਕੀਤੀਆਂ ਗਈਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲਾਜ਼ਮੀ ਦਵਾਈਆਂ ਦੀ ਸੂਚੀ (ਈ.ਡੀ.ਐਲ.) ਤੋਂ ਇਲਾਵਾ ਹੋਰ ਦਵਾਈਆਂ ਦੀ ਖਰੀਦ ਲਈ ਕਾਰਜ ਵਿਧੀ (ਸਟੈਂਡਰਡ ਆਪਰੇਟਿੰਗ ਪ੍ਰੋਸੀਜਰ) ਜਾਰੀ ਕੀਤੀ ਗਈ ਹੈ ਅਤੇ ਡਿਪਟੀ ਕਮਿਸਨਰ ਇਹ ਯਕੀਨੀ ਬਣਾਉਣਗੇ ਕਿ ਦਵਾਈਆਂ ਮਰੀਜਾਂ ਲਈ ਉਪਲਬਧ ਹੋਣ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੇ ਸੜਕ ਹਾਦਸੇ ਦੇ ਪੀੜਤਾਂ ਲਈ ਫਰਿਸਤੇ ਸਕੀਮ ਵੀ ਸੁਰੂ ਕੀਤੀ ਹੈ, ਜਿਸ ਤਹਿਤ ਨਜਦੀਕੀ ਸੂਚੀਬੱਧ ਹਸਪਤਾਲ ਵਿੱਚ ਪੀੜਤ ਦਾ ਇਲਾਜ ਮੁਫਤ ਕੀਤਾ ਜਾਵੇਗਾ। ਉਨ੍ਹਾਂ ਡਿਪਟੀ ਕਮਿਸਨਰਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਜ਼ਿਲ੍ਹਾ ਪੱਧਰੀ ਕਮੇਟੀਆਂ ਨਿਰਧਾਰਿਤ ਸੀਮਾ/ਦਿਨਾਂ ਤੋਂ ਵੱਧ ਹੋਣ ਵਾਲੇ ਖਰਚੇ ਦੀ ਬਿਨਾਂ ਕਿਸੇ ਦੇਰੀ ਤੋਂ ਪੜਤਾਲ ਕਰਨ ਨੂੰ ਯਕੀਨੀ ਬਣਾਉਣ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਸੂਬੇ ਭਰ ਵਿੱਚ ਇਸ ਸਕੀਮ ਤਹਿਤ 52 ਪੈਕੇਜ ਨਿਰਧਾਰਤ ਕੀਤੇ ਗਏ ਹਨ ਅਤੇ 495 ਹਸਪਤਾਲਾਂ ਨੂੰ ਸੂਚੀਬੱਧ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਹਰੇਕ ਪਿੰਡ ਵਿੱਚ ਟੇਲਾਂ ਉਤੇ ਨਹਿਰੀ ਪਾਣੀ ਮੁਹੱਈਆ ਕਰਨ ਲਈ ਕਈ ਕਦਮ ਚੁੱਕੇ ਹਨ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਆਖਿਆ ਕਿ ਉਹ ਇਸ ਸਮੁੱਚੀ ਪ੍ਰਕਿਰਿਆ ਨੂੰ ਛੇਤੀ ਮੁਕੰਮਲ ਕਰਨ ਤਾਂ ਕਿ ਕਿਸਾਨਾਂ ਨੂੰ ਲਾਭ ਮਿਲੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀ ਭਲਾਈ ਲਈ ਨਹਿਰੀ ਪਾਣੀ ਦੀ ਤਰਕਸੰਗਤ ਵਰਤੋਂ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਅੰਮ੍ਰਿਤਸਰ, ਬਠਿੰਡਾ, ਫਾਜ਼ਿਲਕਾ, ਫਤਹਿਗੜ੍ਹ ਸਾਹਿਬ, ਜਲੰਧਰ, ਕਪੂਰਥਲਾ, ਲੁਧਿਆਣਾ, ਐਸ.ਏ.ਐਸ ਨਗਰ ਅਤੇ ਤਰਨਤਾਰਨ ਜ਼ਿਲ੍ਹਿਆਂ ਵਿੱਚ 13 ਨਵੇਂ ਸਕੂਲ ਆਫ ਐਮੀਨੈਂਸ ਖੋਲ੍ਹੇਗੀ। ਉਨ੍ਹਾਂ ਸਬੰਧਤ ਜ਼ਿਲ੍ਹਿਆਂ ਦੇ ਡਿਪਟੀ ਕਮਿਸਨਰਾਂ ਨੂੰ ਇਨ੍ਹਾਂ ਸਕੂਲਾਂ ਦੇ ਸਮੇਂ ਸਿਰ ਸੁਰੂ ਹੋਣ ਨੂੰ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਵਿਦਿਆਰਥੀਆਂ ਨੂੰ ਇਸ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਭਗਵੰਤ ਸਿੰਘ ਮਾਨ ਨੇ ਡਿਪਟੀ ਕਮਿਸਨਰਾਂ ਨੂੰ ਸਾਰੇ ਸਕੂਲਾਂ ਵਿੱਚ 31 ਮਾਰਚ ਤੱਕ ਚਾਰਦੀਵਾਰੀ, ਪਖਾਨੇ, ਫਰਨੀਚਰ, ਪੀਣ ਵਾਲੇ ਪਾਣੀ ਦੀ ਸਹੂਲਤ ਦੇ ਨਾਲ-ਨਾਲ ਇੰਟਰਨੈੱਟ/ਵਾਈ-ਫਾਈ ਦੀ ਸਹੂਲਤ ਯਕੀਨੀ ਬਣਾਉਣ ਲਈ ਵੀ ਕਿਹਾ।

ਮੁੱਖ ਮੰਤਰੀ ਨੇ ਡਿਪਟੀ ਕਮਿਸਨਰਾਂ ਨੂੰ ਜ਼ਿਲ੍ਹਾ ਸਿੱਖਿਆ ਵਿਕਾਸ ਕਮੇਟੀ ਨਾਲ ਲਗਾਤਾਰ ਮੀਟਿੰਗਾਂ ਕਰਨ ਤੋਂ ਇਲਾਵਾ ਸਕੂਲਾਂ ਦਾ ਅਚਨਚੇਤ ਦੌਰਾ ਕਰਨ ਲਈ ਵੀ ਕਿਹਾ। ਉਨ੍ਹਾਂ ਅਧਿਕਾਰੀਆਂ ਨੂੰ ਵਿਦਿਆਰਥੀਆਂ ਲਈ ਸਕੂਲੀ ਵਰਦੀਆਂ ਸਮੇਂ ਸਿਰ ਯਕੀਨੀ ਬਣਾਉਣ ਦੇ ਨਾਲ-ਨਾਲ ਜ਼ਿਲਾ ਪੱਧਰ 'ਤੇ ਸਕੂਲੀ ਸਿੱਖਿਆ ਦੇ ਨਿਵੇਕਲੇ ਪ੍ਰੋਜੈਕਟਾਂ ਦੀ ਪਛਾਣ ਕਰਨ ਲਈ ਆਖਿਆ। ਭਗਵੰਤ ਸਿੰਘ ਮਾਨ ਨੇ ਸਕੂਲ ਕੈਂਪਸ ਦੇ ਅੰਦਰ ਖਤਰਾ ਬਣੇ ਰੁੱਖਾਂ ਅਤੇ ਅਸੁਰੱਖਿਅਤ ਇਮਾਰਤਾਂ ਬਾਰੇ ਐਸ.ਓ.ਪੀਜ ਲਾਗੂ ਕਰਨ ਦੀ ਲੋੜ 'ਤੇ ਜੋਰ ਦਿੱਤਾ।

ਮੁੱਖ ਮੰਤਰੀ ਨੇ ਡਿਪਟੀ ਕਮਿਸਨਰਾਂ ਨੂੰ ਇਕ ਪਾਸੇ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਅਤੇ ਦੂਜੇ ਪਾਸੇ ਲੋੜਵੰਦਾਂ ਲਈ ਰੁਜਗਾਰ ਮੁਹੱਈਆ ਕਰਵਾਉਣ ਲਈ ਮਨਰੇਗਾ ਸਕੀਮ ਦੀ ਸੁਚੱਜੀ ਵਰਤੋਂ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਹੁਣ ਤੱਕ ਸੂਬੇ ਵਿੱਚ ਇਸ ਸਕੀਮ ਤਹਿਤ 308 ਲੱਖ ਦਿਹਾੜੀਆਂ ਪੈਦਾ ਕਰਕੇ 8.17 ਲੱਖ ਪਰਿਵਾਰਾਂ ਨੂੰ ਰੁਜਗਾਰ ਦਿੱਤਾ ਜਾ ਚੁੱਕਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨੇ ਸਾਰੇ ਜ਼ਿਲ੍ਹਿਆਂ ਲਈ 2,000 ਕਰੋੜ ਰੁਪਏ ਦੇ ਖਰਚੇ ਦਾ ਟੀਚਾ ਮਿੱਥਿਆ ਹੈ, ਜਿਸ ਨੂੰ ਸਾਰੇ ਜ਼ਿਲ੍ਹਿਆਂ ਲਈ 440 ਲੱਖ ਦਿਹਾੜੀਆਂ ਵਿੱਚ ਵੰਡਿਆ ਗਿਆ ਹੈ। ਉਨ੍ਹਾਂ ਸਾਰੇ ਡਿਪਟੀ ਕਮਿਸਨਰਾਂ ਨੂੰ ਮੌਜੂਦਾ ਵਿੱਤੀ ਸਾਲ ਵਿੱਚ ਇਹ ਟੀਚਾ ਪ੍ਰਾਪਤ ਕਰਨਾ ਯਕੀਨੀ ਬਣਾਉਣ ਲਈ ਕਿਹਾ।

ਇਕ ਹੋਰ ਮੁੱਦੇ 'ਤੇ ਧਿਆਨ ਦਿੰਦਿਆਂ, ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਦਿੱਲੀ-ਅੰਮ੍ਰਿਤਸਰ-ਕਟੜਾ ਰਾਸਟਰੀ ਰਾਜਮਾਰਗ ਦੇ ਨਿਰਮਾਣ ਕਾਰਜ ਵਿੱਚ ਤੇਜ਼ੀ ਲਿਆਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇਸ ਅਭਿਲਾਸੀ ਪ੍ਰੋਜੈਕਟ ਦੇ ਮੁਕੰਮਲ ਹੋਣ 'ਤੇ ਦਿੱਲੀ ਤੋਂ ਪੰਜਾਬ ਅਤੇ ਜੰਮੂ-ਕਸਮੀਰ ਜਾਣ ਵਾਲੇ ਯਾਤਰੀਆਂ ਖਾਸ ਕਰਕੇ ਮਾਤਾ ਵੈਸਨੋ ਦੇਵੀ ਤੀਰਥ ਸਥਾਨ 'ਤੇ ਮੱਥਾ ਟੇਕਣ ਦੇ ਚਾਹਵਾਨ ਯਾਤਰੀਆਂ ਦੇ ਸਮੇਂ, ਪੈਸੇ ਅਤੇ ਊਰਜਾ ਦੀ ਬੱਚਤ ਹੋਵੇਗੀ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ 254 ਕਿਲੋਮੀਟਰ ਲੰਬਾ ਇਹ ਹਾਈਵੇਅ 11,510 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ ਅਤੇ ਇਹ ਸੂਬੇ ਦੇ 9 ਜ਼ਿਲ੍ਹਿਆਂ ਜਲੰਧਰ, ਸੰਗਰੂਰ, ਮਾਲੇ-ਰਕੋਟਲਾ, ਪਟਿਆਲਾ, ਕਪੂਰਥਲਾ, ਲੁਧਿਆਣਾ, ਅੰਮ੍ਰਿਤਸਰ, ਤਰਨ ਤਾਰਨ ਅਤੇ ਗੁਰਦਾਸਪੁਰ ਵਿੱਚੋਂ ਲੰਘੇਗਾ।







# ਸੂਚਨਾ ਤੇ ਲੋਕ ਸੰਪਰਕ ਵਿਭਾਗ ਵੱਲੋਂ ਲੋਕ ਸੰਪਰਕ ਅਧਿਕਾਰੀ ਡਾ. ਸਰਬਜੀਤ ਸਿੰਘ ਕੰਗਣੀਵਾਲ ਨੂੰ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ



ਚੰਡੀਗੜ੍ਹ, 31 ਜਨਵਰੀ (ਗਿਆਨ ਸਿੰਘ):ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਵੱਲੋਂ ਲੋਕ ਸੰਪਰਕ ਅਧਿਕਾਰੀ ਡਾ. ਸਰਬਜੀਤ ਸਿੰਘ ਕੰਗਣੀਵਾਲ ਨੂੰ ਉਹਨਾਂ ਦੀ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ ਦਿੰਦਿਆਂ ਸਨਮਾਨਿਤ ਕੀਤਾ ਗਿਆ। ਉਹਨਾਂ ਨੇ ਵਿਭਾਗ ਵਿੱਚ ਤਕਰੀਬਨ 22 ਸਾਲ ਸੇਵਾਵਾਂ ਨਿਭਾਈਆਂ।

ਵਿਦਾਇਗੀ ਸਮਾਗਮ ਦੌਰਾਨ ਡਾ. ਸਰਬਜੀਤ ਸਿੰਘ ਕੰਗਣੀਵਾਲ ਨਾਲ ਆਪਣੇ ਅਣ-ਫੋਲੇ ਵਰਕਿਆਂ ਨੂੰ ਫੋਲਦਿਆਂ ਜੁਆਇੰਟ ਡਾਇਰੈਕਟਰ ਸ. ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਸ. ਹਰਜੀਤ ਸਿੰਘ ਗਰੇਵਾਲ, ਜੁਆਇੰਟ ਡਾਇਰੈਕਟਰ ਸ੍ਰੀ ਪ੍ਰੀਤ ਕੰਵਲ ਸਿੰਘ, ਡਿਪਟੀ ਡਾਇਰੈਕਟਰ ਸ੍ਰੀ ਇਸ਼ਵਿੰਦਰ ਸਿੰਘ ਗਰੇਵਾਲ, ਡਿਪਟੀ ਡਾਇਰੈਕਟਰ ਸ੍ਰੀ ਮਨਵਿੰਦਰ ਸਿੰਘ, ਡਿਪਟੀ ਡਾਇਰੈਕਟਰ ਸ੍ਰੀਮਤੀ ਸ਼ਿਖਾ ਨਹਿਰਾ, ਡਿਪਟੀ ਡਾਇਰੈਕਟਰ ਸ੍ਰੀ ਗੁਰਮੀਤ ਸਿੰਘ ਖਹਿਰਾ, ਆਈ.ਪੀ.ਆਰ.ਓ ਸ੍ਰੀ ਨਵਦੀਪ ਸਿੰਘ ਗਿੱਲ ਅਤੇ ਸ੍ਰੀ ਕੁਲਤਾਰ ਸਿੰਘ ਮੀਆਂਪੁਰੀ ਅਤੇ ਹੋਰ ਅਧਿਕਾਰੀਆਂ ਨੇ ਕੰਗਣੀਵਾਲ ਦੇ ਜੀਵਨ ਦੇ ਵੱਖ-ਵੱਖ ਪਹਿਲੂਆਂ ਨੂੰ ਉਜਾਗਰ ਕੀਤਾ। ਡਾ. ਕਾਗਣੀਵਾਲ ਵੱਲੋਂ ਵਿਭਾਗ ਵਿੱਚ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਡਾ. ਕਾਗਨੀਵਾਲ ਦੀ ਮਿਸਾਲੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਉਨ੍ਹਾਂ ਦੇ ਸਾਥੀਆਂ ਅਤੇ ਨਵੇਂ ਭਰਤੀ ਹੋਏ ਸਟਾਫ਼ ਮੈਂਬਰਾਂ ਨੂੰ ਪੂਰੀ ਲਗਨ ਨਾਲ ਸੇਵਾਵਾਂ ਨਿਭਾਉਣ ਲਈ ਹਮੇਸ਼ਾ ਪ੍ਰੇਰਿਤ ਕਰੇਗੀ।

ਬੁਲਾਰਿਆਂ ਨੇ ਇਹ ਵੀ ਕਿਹਾ ਕਿ ਸੇਵਾਮੁਕਤ ਹੋਣ ਤੋਂ ਬਾਅਦ, ਉਹ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਤੋਂ ਇਲਾਵਾ ਆਪਣੇ ਪਰਿਵਾਰ ਨਾਲ ਹੋਰ ਕੀਮਤੀ ਸਮਾਂ ਬਿਤਾ ਸਕਣਗੇ। ਇਸ ਮੌਕੇ ਸਟਾਫ਼ ਮੈਂਬਰਾਂ ਵੱਲੋਂ ਡਾ. ਸਰਬਜੀਤ ਸਿੰਘ ਕਾਗਣੀਵਾਲ ਅਤੇ ਉਨ੍ਹਾਂ ਦੀ ਪਤਨੀ ਡਾ. ਮਾਲਤੀ ਸਿੰਘ, ਵਿਗਿਆਨੀ, ਨਾਈਪਰ (ਐਨ.ਆਈ.ਪੀ.ਈ.ਆਰ.) ਨੂੰ ਵੀ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਅਨੁਸੂਚਿਤ ਜਾਤੀ ਕੌਮੀ ਕਮਿਸ਼ਨ ਵੱਲੋਂ ਜ਼ਿਲ੍ਹਾ ਲੁਧਿਆਣਾ ਦਾ ਦੌਰਾ



ਲੁਧਿਆਣਾ, 31ਜਨਵਰੀ (ਗਿਆਨ ਸਿੰਘ): ਅਨੁਸੂਚਿਤ ਜਾਤੀ ਕੌਮੀ ਕਮਿਸ਼ਨ, ਚੰਡੀਗੜ੍ਹ ਦੀ ਟੀਮ ਵੱਲੋਂ ਜ਼ਿਲ੍ਹਾ ਲੁਧਿਆਣਾ ਦਾ ਦੌਰਾ ਕੀਤਾ ਗਿਆ। ਟੀਮ ਵਿੱਚ ਏ.ਭੱਟਾਚਾਰਿਆ, ਰਿਸਰਚ ਅਫ਼ਸਰ, ਪ੍ਰਵੀਨ ਦਿਆਂਦੀ, ਸੀਨੀਅਰ ਇੰਵੈਸਟੀਗੇਟਰ, ਵਿਜੈ ਕੁਮਾਰ, ਆਫਿਸ ਅਸਸਿਟੈਂਟ ਸ਼ਾਮਲ ਸਨ। ਜ਼ਸਵੀਰ ਲਵਨ ਪੁੱਤਰ ਸ਼੍ਰੀ ਖਿਲਾ ਰਾਮ, ਵਾਸੀ ਮਕਾਨ ਨੰ: ੩੬੫੪, ਗੋਪਾਲ ਨਗਰ, ਹੈਬੋਵਾਲ ਕਲਾਂ, ਜ਼ਿਲ੍ਹਾ ਲੁਧਿਆਣਾ ਵਲੋਂ ਕਮਿਸ਼ਨ ਨੂੰ ਇੱਕ ਦਰਖਾਸਤ ਦਿੱਤੀ ਗਈ ਕਿ ਕੁੱਝ ਗੈਰ-ਅਨੁਸੂਚਿਤ ਜਾਤੀ ਨਾਲ ਸਬੰਧਤ ਲੋਕਾਂ ਵਲੋਂ ਉਸ ਦੀ ਪ੍ਰਾਪਰਟੀ @ਤੇ ਨਾਜਾਇਜ਼ ਕਬਜ਼ਾ ਕੀਤਾ ਗਿਆ ਹੈ ਅਤੇ ਉਸ ਨੂੰ ਝੂਠੇ ਪੁਲਿਸ ਕੇਸਾਂ ਵਿੱਚ ਉਲਝਾ ਕੇ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ ਜਿਸਦੇ ਤਹਿਤ ਕਮਿਸ਼ਨ ਵਲੋਂ ਜਗ੍ਹਾ ਦਾ ਦੌਰਾ ਕੀਤਾ ਗਿਆ।

ਇਸ ਮੌਕੇ ਕਮਿਸ਼ਨ ਵਲੋਂ ਦਰਖਾਸਤੀ ਅਤੇ ਦੂਜੀ ਧਿਰ ਨੂੰ ਧਿਆਨ ਨਾਲ ਸੁਣਿਆ ਗਿਆ। ਕਮਿਸ਼ਨ ਵੱਲੋਂ ਨਗਰ ਨਿਗਮ, ਲੁਧਿਆਣਾ ਵਲੋਂ ਹਾਜ਼ਰ ਹੋਏ ਅਧਿਕਾਰੀ ਨੂੰ ਆਦੇਸ਼ ਦਿੱਤੇ ਗਏ ਕਿ ਜ਼ਮੀਨ ਸਬੰਧੀ ਸਰਕਾਰੀ ਰਿਕਾਰਡ, ਦੋਵਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਰਿਕ-ਾਰਡ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਮਾਮਲੇ ਸਬੰਧੀ ਸਪੱਸ਼ਟ ਰਿਪੋਰਟ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ।

ਉਨ੍ਹਾਂ ਮੌਕੇ 'ਤੇ ਹਾਜ਼ਰ ਤਹਿਸੀਲਦਾਰ ਲੁਧਿਆਣਾ (ਪੱਛਮੀ) ਨੂੰ ਵੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਅਤੇ ਪੁਲਿਸ ਵਿਭਾਗ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਧਿਰ ਕਾਨੂੰਨ ਨੂੰ ਆਪਣੇ ਹੱਥ ਵਿੱਚ ਨਾ ਲਵੇ ਅਤੇ ਰਿਕਾਰਡ ਅਨੁਸ-ਾਰ ਜਿਸ ਵੀ ਧਿਰ ਦੀ ਪ੍ਰਾਪਰਟੀ ਸਾਬਤ ਹੁੰਦੀ ਹੈ ਉਸ ਨੂੰ ਮਾਲਕਾਨਾ ਹੱਕ ਦਿਵਾਇਆ ਜਾਵੇ।

ਸ਼੍ਰੀ ਏ.ਭੱਟਾਚਾਰਿਆ ਵਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਕਮਿਸ਼ਨ ਇਹ ਯਕੀਨੀ ਬਣਾਉਂਦਾ ਹੈ ਕਿ ਕਿਸੇ ਵੀ ਅਨੁਸੂਚਿਤ ਜਾਤੀ ਦੇ ਵਿਅਕਤੀ ਨਾਲ ਕਿਸੇ ਵੀ ਗੈਰ-ਅਨੁਸੂਚਿਤ ਜਾਤੀ ਦੇ ਵਿਅਕਤੀ ਵਲੋਂ ਕੋਈ ਵਧੀਕੀ ਨਾ ਕੀਤੀ ਜਾਵੇ। ਜੇਕਰ ਕੋਈ ਵੀ ਅਜਿਹਾ ਮਾਮਾਲਾ ਸਾਹਮਣੇ ਆਉਂਦਾ ਹੈ ਤਾਂ ਕਮਿਸ਼ਨ ਅੱਤਿਆਚਾਰ ਰੋਕਥਾਮ ਐਕਟ 1989 ਤਹਿਤ ਕੀਤੇ ਗਏ ਉਪਬੰਧਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਉਣ ਲਈ ਬਚਨਬੱਧ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮਨਦੀਪ ਸਿੰਘ ਭੁੱਲਰ, ਪੀ.ਪੀ.ਐਸ., ਏ.ਡੀ.ਸੀ.ਪੀ-੩, ਲੁਧਿਆਣਾ, ਗੁਰਮੀਤ ਸਿੰਘ, ਸਬ-ਰਜਿਸਟਰਾਰ, ਲੁਧਿਆਣਾ (ਪੱਛਮੀ), ਹਰਪਾਲ ਸਿੰਘ ਗਿੱਲ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ, ਲੁਧਿਆਣਾ, ਇੰਸਪੈਕਟਰ ਕਮਲਜੀਤ ਸਿੰਘ, ਨਗਰ ਨਿਗਮ ਲੁਧਿਆਣਾ ਹਾਜ਼ਰ ਸਨ।




# ਕੈਬਨਿਟ ਸਬ-ਕਮੇਟੀ ਵੱਲੋਂ ਸਕੂਲ ਸਿੱਖਿਆ ਵਿਭਾਗ ਨਾਲ ਸਬੰਧਤ ਵੱਖ-ਵੱਖ ਯੂਨੀਅਨਾਂ ਨਾਲ ਮੀਟਿੰਗ

ਚੰਡੀਗੜ੍ਹ, 31 ਜਨਵਰੀ (ਗਿਆਨ ਸਿੰਘ: ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਪ੍ਰਵਾਸੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸ਼ਮੂਲੀਅਤ ਵਾਲੀ ਕੈਬਨਿਟ ਸਬ-ਕਮੇਟੀ ਵੱਲੋਂ ਅੱਜ ਸਕੂਲ ਸਿੱਖਿਆ ਵਿਭਾਗ ਨਾਲ ਸਬੰਧਤ ਵੱਖ-ਵੱਖ ਯੂਨੀਅਨਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੇ ਮਸਲਿਆਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ।



ਇਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈਆਂ ਇਨ੍ਹਾਂ ਮੀਟਿੰਗਾਂ ਦੌਰਾਨ ਕੈਬਨਿਟ ਸਬ-ਕਮੇਟੀ ਵੱਲੋਂ ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ, ਓਵਰਏਜ਼ ਬੇਰੁਜ਼ਗਾਰ ਯੂਨੀਅਨ, ਅਨਏਡਿਡ ਸਟਾਫ ਫਰੰਟ, ਬੀ.ਐਡ. ਟੈਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ ਅਤੇ ਦਫਤਰੀ ਕਰਮਾਚੀ ਯੂਨੀਅਨਾਂ ਦੇ ਆਗੂਆਂ ਨਾਲ ਵੱਖ-ਵੱਖ ਤੌਰ 'ਤੇ ਮੀਟਿੰਗ ਕਰਦਿਆਂ ਉਨ੍ਹਾਂ ਦੀਆਂ ਮੰਗਾਂ ਬਾਰੇ ਹਮਦਰਦੀ ਨਾਲ ਵਿਚਾਰ ਕੀਤਾ ਗਿਆ। ਇਸ ਦੌਰਾਨ ਇਨ੍ਹਾਂ ਆਗੂਆਂ ਵੱਲੋਂ ਕੈਬਨਿਟ ਸਬ-ਕਮੇਟੀ ਨੂੰ ਆਪਣੇ ਮੰਗ-ਪੱਤਰ ਵੀ ਸੌਂਪੇ ਗਏ।

ਖੁਸ਼ਗਵਾਰ ਮਾਹੌਲ ਵਿੱਚ ਹੋਈਆਂ ਇਨ੍ਹਾਂ ਮੀਟਿੰਗਾਂ ਦੌਰਾਨ ਕੈਬਨਿਟ ਸਬ-ਕਮੇਟੀ ਵੱਲੋਂ ਯੂਨੀਅਨਾਂ ਵੱਲੋਂ ਪੇਸ਼ ਮੰਗ-ਪੱਤਰਾਂ ਵਿੱਚ ਸ਼ਾਮਿਲ ਨੁਕਤਿਆਂ ਬਾਰੇ ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਪੜਾਅਵਾਰ ਚਰਚਾ ਕੀਤੀ। ਕੈਬਨਿਟ ਸਬ-ਕਮੇਟੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯੂਨੀਅਨਾਂ ਵੱਲੋਂ ਉਠਾਈਆਂ ਗਈਆਂ ਜਾਇਜ਼ ਮੰਗਾਂ ਦੇ ਹੱਲ ਲਈ ਉਨ੍ਹਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾਣ ਤਾਂ ਜੋ ਢੁਕਵੇਂ ਹੱਲ ਕੱਢੇ ਜਾ ਸਕਣ।

ਇਸੇ ਦੌਰਾਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਵੱਲੋਂ ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਨਾਲ ਵੀ ਮੀਟਿੰਗ ਕੀਤੀ ਗਈ। ਵਿੱਤ ਮੰਤਰੀ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯੂਨੀਅਨ ਦੀਆਂ ਮੰਗਾਂ ਸਬੰਧੀ ਦੂਸਰੇ ਰਾਜਾਂ ਵੱਲੋਂ ਅਪਣਾਈ ਗਈ ਪਹੁੰਚ ਦਾ ਅਧਿਅਨ ਕੀਤਾ ਜਾਵੇ।

ਇਨ੍ਹਾਂ ਮੀਟਿੰਗਾਂ ਵਿੱਚ ਸਕੱਤਰ ਸਕੂਲ ਸਿੱਖਿਆ ਕਮਲ ਕਿਸ਼ੋਰ ਯਾਦਵ, ਸਕੱਤਰ ਵਿੱਤ ਗੁਰਪ੍ਰੀਤ ਕੌਰ ਸਪਰਾ, ਵਿਸ਼ੇਸ਼ ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਨੈ ਬੁਬਲਾਨੀ, ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ ਗੌਰੀ ਪਰਾਸ਼ਰ ਜੋਸ਼ੀ ਅਤੇ ਯੂਨੀਅਨ ਆਗੂਆਂ ਵਿੱਚ ਰਮਨ ਕੁਮਾਰ ਮਲੋਟ, ਪ੍ਰਵੀਨ ਸ਼ਰਮਾ, ਜਗਮੋਹਨ ਸਿੰਘ, ਨਿਰਭੈਅ ਸਿੰਘ ਜਹਾਂਗੀਰ, ਗੁਰਵਿੰਦਰ ਸਿੰਘ ਗਿੱਲ, ਜਸਵੀਰ ਕੌਰ, ਗੁਰਵਿੰਦਰ ਸਿੰਘ, ਸਤਨਾਮ ਸਿੰਘ ਅਤੇ ਸੁਖਚੈਨ ਸਿੰਘ ਹਾਜਰ ਸਨ।

## 10,000 ਰੁਪਏ ਰਿਸ਼ਵਤ ਲੈਣ ਦੇ ਦੋਸ਼ 'ਚ ਪੰਜਾਬ ਹੋਮ ਗਾਰਡ ਦਾ ਜਵਾਨ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ, 31 ਜਨਵਰੀ ( ਗਿਆਨ ਸਿੰਘ ): ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪੁਲਿਸ ਚੌਕੀ ਪਿੰਡ ਲਲਤੋਂ ਕਲਾਂ, ਜ਼ਿਲ੍ਹਾ ਲੁਧਿਆਣਾ ਵਿਖੇ ਤਾਇਨਾਤ ਪੰਜਾਬ ਹੋਮ ਗਾਰਡ (ਪੀ.ਐਚ.ਜੀ.) ਦੇ ਵਲੰਟੀਅਰ ਹਰਜਿੰਦਰ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਅਧੀਨ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਇਹ ਕੇਸ ਭਾਈ ਬਾਲਾ ਕਲੋਨੀ, ਪੱਖੋਵਾਲ ਰੋਡ, ਲੁਧਿਆਣਾ ਦੀ ਰਹਿਣ ਵਾਲੀ ਮਨਦੀਪ ਕੌਰ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਆਨਲਾਈਨ ਸ਼ਕਿ-ਾਇਤ ਦੀ ਜਾਂਚ ਉਪਰੰਤ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਕਿ-ਾਇਤਕਰਤਾ ਨੇ ਆਪਣੀ ਸ਼ਕਿਾਇਤ ਵਿੱਚ ਦੋਸ਼ ਲਾਇਆ ਕਿ ਪੁਲਿਸ ਚੌਕੀ ਲਲਤੋਂ ਕਲਾਂ, ਲੁਧਿਆਣਾ ਵਿਖੇ ਤਾਇਨਾਤ ਪੀ.ਐਚ.ਜੀ. ਵਲੰਟੀਅਰ ਹਰਜਿੰਦਰ ਸਿੰਘ ਅਤੇ ਏ.ਐਸ.ਆਈ. ਰਵਿੰਦਰ ਕੁਮਾਰ ਉਸਦੇ ਭਰਾਵਾਂ ਵਿਰੁੱਧ ਦਰਜ ਪੁਲਿਸ ਕੇਸ ਵਿੱਚ ਉਸਦੀ ਮੱਦਦ ਕਰਨ ਬਦਲੇ ਉਸ ਤੋਂ 30,000 ਰੁਪਏ ਰਿਸ਼ਵਤ ਮੰਗ ਰਹੇ ਹਨ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਉਕਤ ਏ.ਐਸ.ਆਈ. ਦੀ ਤਰਫੋਂ ਮੁਲਜ਼ਮ ਪੀ.ਐਚ.ਜੀ. ਵਲੰਟੀਅਰ ਹਰਜਿੰਦਰ ਸਿੰਘ ਉਸ ਤੋਂ ਪਹਿਲਾਂ ਹੀ 10,000 ਰੁਪਏ ਰਿਸ਼ਵਤ ਲੈ ਚੁੱਕਾ ਹੈ ਤੇ ਹੁਣ ਬਾਕੀ ਰਹਿੰਦੇ 20,000 ਰੁਪਏ ਮੰਗ ਰਿਹਾ ਹੈ। ਸ਼ਕਿਾਇਤਕਰਤਾ ਨੇ ਸਬੂਤ ਵਜੋਂ ਉਕਤ ਪੀ.ਐਚ.ਜੀ. ਵਲੰਟੀਅਰ ਵੱਲੋਂ ਕੀਤੀ ਗਈ ਮੰਗ ਦੀ ਰਿਕਾਰਡਿੰਗ ਵੀ ਵਿਜੀਲੈਂਸ ਨੂੰ ਸੌਂਪ ਦਿੱਤੀ।

ਸ਼ਿਕਾਇਤ ਮਿਲਣ ਉਪਰੰਤ ਵਿਜੀਲੈਂਸ ਰੇਂਜ ਲੁਧਿਆਣਾ ਨੇ ਸ਼ਕਿ-ਾਇਤ ਦੀ ਪੜਤਾਲ ਕੀਤੀ ਅਤੇ ਸ਼ਿਕਾਇਤਕਰਤਾ ਵੱਲੋਂ ਲਾਏ ਗਏ ਦੋਸ਼ਾਂ ਨੂੰ ਸਹੀ ਪਾਇਆ। ਇਸ ਰਿਪੋਰਟ ਦੇ ਆਧਾਰ 'ਤੇ ਮੁਲਜ਼ਮ ਪੀ.ਐਚ.ਜੀ. ਵਲੰਟੀਅਰ ਹਰਜਿੰਦਰ ਸਿੰਘ ਦੇ ਖਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਧੀਨ ਐਫ.ਆਈ.ਆਰ ਨੰਬਰ 05 ਮਿਤੀ 31.01.2024 ਤਹਿਤ ਕੇਸ ਦਰਜ ਕਰਕੇ ਉਸਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

ਦੱਸਣਯੋਗ ਹੈ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਉਪਰੋਕਤ ਏ.ਐਸ.ਆਈ ਰਵਿੰਦਰ ਕੁਮਾਰ ਅਤੇ ਹੋਰ ਪੁਲਿਸ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।



# ਮਨੀਪੁਰ 'ਚ ਹਿੰਸਾ, ਕੈਂਪ 'ਤੇ ਹਮਲੇ ਵਿਚ ਦੋ ਦੀ ਮੌਤ



ਇੰਫਾਲ, 31 ਜਨਵਰੀ (ਪੋਸਟ ਬਿਊਰੋ): ਮਨੀਪੁਰ ਦੇ ਕਾਂਗਪੋਕਪੀ ਜ਼ਿਲੇ ਵਿੱਚ ਮੰਗਲਵਾਰ ਨੂੰ ਅਣਪਛਾਤੇ ਬੰਦੂਕਧਾਰੀਆਂ ਦੇ ਇੱਕ ਕੈਂਪ ਉੱਤੇ ਹਮਲੇ ਵਿੱਚ ਵਲੰਟੀਅਰਾਂ ਦੀ ਮੌਤ ਹੋ ਗਈ ਅਤੇ ਦੋ ਜ਼ਖ਼ਮੀ ਹੋ ਗਏ। ਪੁਲਿਸ ਨੇ ਇਹ ਜਾਣਕਾਰੀ ਦਿੱਤੀ। ਇਹ ਘਟਨਾ ਇੰਫਾਲ ਪੱਛਮੀ ਜ਼ਿਲੇ ਦੇ ਨਾਲ ਲੱਗਦੇ ਲਮਸ਼ਾਂਗ ਖੇਤਰ ਦੇ ਕਦੰਗਬੰਦ ਪਿੰਡ ਨੇੜੇ ਸਥਿਤ ਕੈਂਪ 'ਚ ਵਾਪਰੀ। ਇੱਕ ਪੁਲਿਸ ਅਧਿਕਾਰੀ ਨੇ ਦੱਸਿਆ, "ਅਣਪਛਾਤੇ ਬੰਦੂਕਧਾਰੀਆਂ ਦੇ ਹਮਲੇ ਤੋਂ ਬਾਅਦ, ਪਿੰਡ ਦੇ ਵਾਲੰਟੀਅਰਾਂ ਨੇ ਜਵਾਬੀ ਕਾਰਵਾਈ ਕੀਤੀ, ਜਿਸ ਦੇ ਨਤੀਜੇ ਵਜੋਂ ਪਿੰਡ ਦੇ ਦੋ ਵਲੰਟੀਅਰਾਂ ਦੀ ਮੌਤ ਹੋ ਗਈ, ਜਦੋਂ ਕਿ ਦੋ ਜ਼ਖਮੀ ਹੋ ਗਏ। ਜਵਾਬੀ ਕਾਰਵਾਈ ਤੋਂ ਬਾਅਦ, ਪਿੱਛੇ ਹਟਣ ਵਾਲੇ ਹਮਲਾਵਰ ਫਿਰ ਤੋਂ ਇਕੱਠੇ ਹੋ ਗਏ ਅਤੇ ਫਿਰ ਤੋਂ "ਹਮਲਾ ਕੀਤਾ। ਗੋਲੀਬਾਰੀ ਜਾਰੀ ਹੈ।"

ਉਨ੍ਹਾਂ ਦੱਸਿਆ ਕਿ ਗੋਲੀਬਾਰੀ ਸ਼ੁਰੂ ਹੋਣ ਤੋਂ ਬਾਅਦ ਕਡੰਗਬੰਦ ਅਤੇ ਨੇੜਲੇ ਕਉਤਰੁਕ ਪਿੰਡਾਂ ਦੀਆਂ ਕਈ ਔਰਤਾਂ, ਬੱਚੇ ਅਤੇ ਬਜ਼ੁਰਗ ਸੁਰੱਖਿਅਤ ਥਾਵਾਂ ਵੱਲ ਭੱਜ ਗਏ। ਅਧਿਕਾਰੀ ਨੇ ਦੱਸਿਆ ਕਿ ਸਥਿਤੀ 'ਤੇ ਕਾਬੂ ਪਾਉਣ ਲਈ ਵਾਧੂ ਸੁਰੱਖਿਆ ਕਰਮਚਾਰੀ ਇਲਾਕੇ 'ਚ ਭੇਜੇ ਗਏ ਹਨ। ਜ਼ਖਮੀ ਵਿਅਕਤੀ ਨੂੰ ਇੰਫਾਲ ਰੀਜਨਲ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਲਿਜਾਇਆ ਗਿਆ ਹੈ। ਕਾਉਟਰੁਕ ਅਤੇ ਕਦੰਗਬੰਦ ਪਿੰਡ ਹਥਿਆਰਬੰਦ ਸਮੂਹਾਂ ਵਿਚਕਾਰ ਕਈ ਗੋਲੀਬਾਰੀ ਨਾਲ ਚੱਲ ਰਹੀ ਨਸਲੀ ਹਿੰਸਾ ਤੋਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਪਿਛਲੇ ਸਾਲ ਮਈ ਵਿੱਚ ਸੂਬੇ ਵਿੱਚ ਜਾਤੀ ਹਿੰਸਾ ਸ਼ੁਰੂ ਹੋਣ ਤੋਂ ਬਾਅਦ ਹੁਣ ਤੱਕ 180 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ।







